ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on

facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 26 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੧ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਦਿਲਜੀਤ ਦੋਸਾਂਝ ਨੇ ਭਾਰਤ ਪਾਕਿਸਤਾਨ ਮੈਚ ਨੂੰ ਲੈ ਕੇ ਚੁੱਕੇ ਸਵਾਲ; ਕਿਹਾ- ਪੰਜਾਬੀ ਤੇ ਸਿੱਖ ਕੌਮ ਕਦੇ ਵੀ ਦੇਸ਼ ਦੇ ਖਿਲਾਫ ਨਹੀਂ ਜਾ ਸਕਦੀ’

**ਚੰਡੀਗੜ੍ਹ, 25 ਸਤੰਬਰ (ਆਵਾਜਿ ਕੌਮ ਬਿਊਰੋ)**-ਪੰਜਾਬੀ ਗਾਇਕ ਅਤੇ ਅਦਾਕਾਰ ਦਿਲਜੀਤ ਦੋਸਾਂਝ ਨੇ ਪਹਿਲੀ ਵਾਰ



ਸਰਦਾਰਜੀ 3 ਵਿਵਾਦ ਬਾਰੇ ਖੁੱਲ੍ਹ ਕੇ ਗੱਲ ਕੀਤੀ ਹੈ। ਉਨ੍ਹਾਂ ਨੇ ਭਾਰਤ-ਪਾਕਿਸਤਾਨ ਮੈਚ ਬਾਰੇ ਵੀ ਸਵਾਲ ਚੁੱਕੇ ਹਨ। ਦੱਸ ਦਈਏ ਕਿ ਦਿਲਜੀਤ ਇਸ ਸਮੇਂ ਮਲੇਸ਼ੀਆ ਵਿੱਚ ਆਪਣੇ ਓਰਾ ਟੂਰ ’ਤੇ ਹਨ, ਅਤੇ ਉਨ੍ਹਾਂ ਦਾ ਪਹਿਲਾ ਸ਼ੋਅ ਕੱਲ੍ਹ ਰਾਤ ਹੋਇਆ। ਦਿਲਜੀਤ ਦੋਸਾਂਝ ਨੇ ਆਪਣੀ ਗਾਇਕੀ ਨਾਲ ਜਿੱਥੇ ਸਟੇਜ ਤੋਂ ਰੰਗ ਬਣੇ ਉੱਥੇ ਹੀ ਦੂਜੇ ਪਾਸੇ ਉਨ੍ਹਾਂ ਨੇ ਭਾਰਤ ਪਾਕਿਸਤਾਨ ਵਿਚਾਲੇ ਹੋ ਰਹੇ ਮੈਚਾਂ ਨੂੰ ਲੈਕੇ ਸਵਾਲ ਵੀ ਚੁੱਕੇ। ਗਾਇਕ ਦਿਲਜੀਤ ਦੋਸਾਂਝ ਨੇ ਸ਼ੋਅ ਦੌਰਾਨ ਕਿਹਾ ਕਿ ਉਨ੍ਹਾਂ ਦੀ ਫਿਲਮ ਸਰਦਾਰ ਜੀ -3 ਫਰਵਰੀ ’ਚ ਬਣੀ ਸੀ ਪਰ ਇਹ ਸਾਰੇ ਮੈਚ ਹੁਣ ਖੇਡੇ ਜਾ ਰਹੇ ਹਨ। ਉਨ੍ਹਾਂ ਨੇ ਆਪਣੀ ਗੱਲ ਜਾਰੀ ਰੱਖਦੇ ਹੋਏ ਕਿਹਾ ਕਿ ਉਹ ਅਰਦਾਸ ਕਰਦੇ ਹਨ ਕਿ ਪਹਿਲਗਾਮ ਹਮਲਾਵਰਾਂ ਨੂੰ ਸਖ਼ਤ ਸਜ਼ਾ ਮਿਲੇ। ਪੰਜਾਬੀ ਅਤੇ ਸਿੱਖ ਕੌਮ ਕਦੇ ਵੀ ਦੇਸ਼ ਦੇ ਖਿਲਾਫ ਨਹੀਂ ਜਾ ਸਕਦੀ ਹੈ।

## ਇਲਾਕੇ ’ਚ ਸਹਿਮ ਦਾ ਮਾਹੌਲ

# ਲੁਧਿਆਣਾ ’ਚ ਲਾਵਾਰਿਸ ਬੈਗ ’ਚੋਂ ਮਿਲਿਆ IED

**ਲੁਧਿਆਣਾ, 25 ਸਤੰਬਰ (ਆਵਾਜਿ ਕੌਮ ਬਿਊਰੋ)**-ਲੁਧਿਆਣਾ ਦੇ ਬਸਤੀ ਜੋਧੇਵਾਲ ਇਲਾਕੇ ਵਿੱਚ ਬੈਗ ਦੀ ਦੁਕਾਨ ਵਿੱਚੋਂ ਇੱਕ ਸ਼ੱਕੀ ਬੈਗ ਮਿਲਿਆ, ਜਿਸ ਵਿੱਚੋਂ ਇੱਕ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (IED) ਬਰਾਮਦ ਹੋਇਆ। ਪੁਲਿਸ ਬੁੱਧਵਾਰ ਰਾਤ ਤੋਂ ਹੀ ਬੈਗ ਦੀ ਜਾਂਚ ਕਰ ਰਹੀ ਸੀ ਅਤੇ ਵੀਰਵਾਰ ਦੁਪਹਿਰ ਨੂੰ ਇਸ ਦੇ ਵਿਸਫੋਟਕ ਹੋਣ ਦੀ ਪੁਸ਼ਟੀ ਹੋਈ।



ਜਿਸ ਦੁਕਾਨ ਤੋਂ ਬੈਗ ਬਰਾਮਦ ਹੋਇਆ ਸੀ, ਉਸ ਦੇ ਮਾਲਕ ਨੇ ਦੱਸਿਆ ਕਿ ਇੱਕ ਸ਼ੱਕੀ ਵਿਅਕਤੀ ਲਗਭਗ ਚਾਰ ਦਿਨ ਪਹਿਲਾਂ ਬ੍ਰੀਫਕੇਸ ਖਰੀਦਣ ਲਈ ਦੁਕਾਨ ’ਤੇ ਆਇਆ ਸੀ। ਉਸ ਵਿਅਕਤੀ ਨੇ ਦੁਕਾਨਦਾਰ ਨੂੰ 500 ਰੁਪਏ ਪਹਿਲਾਂ ਦਿੱਤੇ ਅਤੇ ਕਿਹਾ ਕਿ ਉਹ ਇਸਨੂੰ ਲੈਣ ਲਈ ਜਲਦੀ ਵਾਪਸ ਆਵੇਗਾ। ਉਸ ਨੇ ਆਪਣੇ ਨਾਲ ਲਿਆਇਆ ਬੈਗ ਦੁਕਾਨ ਵਿੱਚ ਛੱਡ ਦਿੱਤਾ। ਬੀਤੀ ਰਾਤ, ਜਦੋਂ ਬੈਗ ਵਿੱਚੋਂ ਪੈਟਰੋਲ ਦੀ ਬਦਬੂ ਆਈ, ਤਾਂ ਦੁਕਾਨਦਾਰ ਨੇ ਇਮਾਰਤ ਦੇ ਮਾਲਕ ਨੂੰ ਸੂਚਿਤ ਕੀਤਾ। ਇਮਾਰਤ ਹਰਬੰਸ ਟਾਵਰ ਦੇ ਮਾਲਕ ਰਿੰਕੂ ਨੇ ਸ਼ੱਕੀ ਬੈਗ ਦੇਖਿਆ ਅਤੇ ਤੁਰੰਤ ਦਰੇਸੀ ਥਾਣੇ ਵਿੱਚ ਪੁਲਿਸ ਨੂੰ ਸੂਚਿਤ ਕੀਤਾ। ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਪੁਲਿਸ ਸਟੇਸ਼ਨ ਪਹੁੰਚੇ ਅਤੇ ਮਾਮਲੇ ਦੀ ਜਾਣਕਾਰੀ ਲਈ। ਪੁਲਿਸ ਨੇ ਘਟਨਾ ਦੇ ਸਬੰਧ ਵਿੱਚ ਦੋ ਲੋਕਾਂ ਨੂੰ ਹਿਰਾਸਤ ਵਿੱਚ ਲਿਆ ਹੈ।

## ਪੁਲਿਸ ਅਤੇ ਗੈਂਗਸਟਰ ਪ੍ਰਭ ਦਾਸੂਵਾਲ ਦੇ ਗੁਰਗਿਆਂ ਵਿਚਾਲੇ ਐਨਕਾਊਂਟਰ , 4 ਜ਼ਖ਼ਮੀ

**ਤਰਨ-ਤਾਰਨ, 25 ਸਤੰਬਰ (ਆਵਾਜਿ ਕੌਮ ਬਿਊਰੋ)**-ਤਰਨਤਾਰਨ ਪੁਲਿਸ ਨੇ ਅੱਜ ਸਵੇਰੇ ਭਿਖੀਵਿੰਡ ਵਿਖੇ ਡਾਕਟਰ ਚੋਪੜਾ ਅਤੇ ਪੱਟੀ ਸਦਰ ਇਲਾਕੇ ਵਿੱਚ ਸੈਂਟ ਕਬੀਰ ਕੋਨਵੈਂਟ ਸਕੂਲ ਦੇ ਬਾਹਰ ਫਿਰੌਤੀ ਨਾ ਦੇਣ ਦੀ ਸੂਰਤ ਵਿੱਚ ਫਾਇਰਿੰਗ ਕਰਕੇ ਭੱਜ ਰਹੇ ਵਿਦੇਸ਼ ’ਚ ਬੈਠੇ ਗੈਂਗਸਟਰ ਪ੍ਰਭ ਦਾਸੂਵਾਲ ਦਾਸੂਵਾਲ ਦੇ ਗੁਰਗਿਆਂ ਦਾ ਪਿੰਡ ਦਾਸੂਵਾਲ ਵਿਖੇ ਐਨਕਾਊਂਟਰ ਕੀਤਾ ਹੈ। ਐਨਕਾਊਂਟਰ ਵਿੱਚ ਗੋਲੀ ਲੱਗਣ ਕਾਰਨ ਪ੍ਰਭ ਦਾਸੂਵਾਲ ਦੇ ਚਾਰ ਗੁਰਗੇ ਜ਼ਖ਼ਮੀ ਹੋ ਗਏ ਹਨ ,ਜਿਨ੍ਹਾਂ ਨੂੰ ਪੁਲਿਸ ਵੱਲੋਂ ਗਿਰਫ਼ਤਾਰ ਕਰ ਲਿਆ ਗਿਆ ਹੈ। ਇਸ ਘਟਨਾ ਦੀ ਸੂਚਨਾ ਮਿਲਦਿਆਂ ਹੀ ਐਸਐਸਪੀ ਰਵਜੋਤ ਕੌਰ ਗਰੇਵਾਲ ਮੌਕੇ ’ਤੇ ਪਹੁੰਚਦੇ ਨੇ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਐਸਐਸਪੀ ਨੇ ਦੱਸਿਆ ਕਿ ਉਕਤ ਵਿਅਕਤੀ ਜੋ ਕਿ ਗੈਂਗਸਟਰ ਪ੍ਰਭ ਦਾਸੂਵਾਲ ਲਈ ਕੰਮ ਕਰਦੇ ਹਨ। ਇਨ੍ਹਾਂ ਵੱਲੋਂ ਅੱਜ ਸਵੇਰੇ ਭਿਖੀਵਿੰਡ ਅਤੇ ਪੱਟੀ ਇਲਾਕੇ ਵਿੱਚ ਦੋ ਫਾਇਰਿੰਗ ਦੀਆਂ ਘਟਨਾਵਾਂ ਨੂੰ ਅੰਜਾਮ ਦਿੱਤਾ ਗਿਆ ਸੀ। ਜਿਸ ਤੋਂ ਬਾਅਦ ਪੁਲਿਸ ਪਾਰਟੀ ਲਗਾਤਾਰ ਇਨ੍ਹਾਂ ਦਾ ਪਿੱਛਾ ਕਰ ਰਹੀ ਸੀ ਤਾਂ ਉਕਤ ਸ਼ੂਟਰ ਪਿੰਡ ਦਾਸੂਵਾਲ ਗੈਂਗਸਟਰ ਪ੍ਰਭ ਦਾਸੂਵਾਲ ਦੇ ਨਜ਼ਦੀਕੀ ਗੁਰਸਾਹਿਬ ਸਿੰਘ ਦੇ ਘਰ ਜਾ ਵੜਦੇ ਹਨ। ਪੁਲਿਸ ਵੱਲੋਂ ਲਗਾਤਾਰ ਉਨ੍ਹਾਂ ਨੂੰ ਬਾਹਰ ਆਉਣ ਲਈ ਕਿਹਾ ਗਿਆ ਪਰ ਉਕਤ ਲੋਕਾਂ ਵੱਲੋਂ ਪੁਲਿਸ ’ਤੇ ਫਾਇਰਿੰਗ ਕੀਤੀ ਗਈ। ਜਾਵਬੀ ਫਾਇਰਿੰਗ ਵਿੱਚ ਚਾਰ ਸ਼ੂਟਰ ਜ਼ਖ਼ਮੀ ਹੋ ਗਏ ਨੇ, ਜਿਨ੍ਹਾਂ ਦੀ ਪਛਾਣ ਨਵਦੀਪ ਸਿੰਘ, ਗੁਰਜੰਟ ਸਿੰਘ , ਜਗਸੀਰ ਸਿੰਘ ਅਤੇ ਮਲਕੀਤ ਸਿੰਘ ਵੱਜੋਂ ਹੋਈ ਹੈ।



## ਅਮਰੀਕਾ ਨੇ ਪੰਜਾਬੀ ਮੂਲ ਦੀ 73 ਸਾਲਾ ਹਰਜੀਤ ਕੌਰ ਨੂੰ ਦਿੱਤਾ ਦੇਸ਼ ਨਿਕਾਲਾ, 1982 ’ਚ ਬੱਚਿਆਂ ਸਮੇਤ ਗਈ ਸੀ ਅਮਰੀਕਾ

**ਵਾਸ਼ਿੰਗਟਨ, 25 ਸਤੰਬਰ (ਆਵਾਜਿ ਕੌਮ ਬਿਊਰੋ)**-ਅਮਰੀਕਾ ਵਿੱਚ ਰਹਿ ਰਹੀ ਪੰਜਾਬ ਮੂਲ ਦੀ 73 ਸਾਲਾ ਔਰਤ ਹਰਜੀਤ ਕੌਰ ਨੂੰ ਦੇਸ਼ ਨਿਕਾਲਾ ਦੇ ਦਿੱਤਾ ਗਿਆ ਹੈ। ਉਹ 30 ਸਾਲਾਂ ਤੋਂ ਉੱਥੇ ਰਹਿ ਰਹੀ ਸੀ। ਉਹ 1982 ਵਿੱਚ ਆਪਣੇ ਦੋ ਪੁੱਤਰਾਂ ਨਾਲ ਅਮਰੀਕਾ ਆ ਗਈ ਸੀ। ਕੁਝ ਦਿਨ ਪਹਿਲਾਂ, ਉਸਨੂੰ ਅਮਰੀਕਾ ਦੀ ਇਮੀਗ੍ਰੇਸ਼ਨ ਅਤੇ ਕਸਟਮਜ਼ ਇਨਫੋਰਸਮੈਂਟ ਨੇ ਹਿਰਾਸਤ ਵਿੱਚ ਲੈ ਲਿਆ ਸੀ। ਉਸ ’ਤੇ ਉੱਥੇ ਗੈਰ-ਕਾਨੂੰਨੀ ਤੌਰ ’ਤੇ ਰਹਿਣ ਦਾ ਦੋਸ਼ ਲਗਾਇਆ ਗਿਆ ਸੀ, ਜਿਸ ਕਾਰਨ ਭਾਰਤੀ ਅਤੇ ਮੂਲ ਅਮਰੀਕੀਆਂ ਨੇ ਸਰਕਾਰ ਵਿਰੁੱਧ ਵਿਰੋਧ ਪ੍ਰਦਰਸ਼ਨ ਕੀਤੇ। ਹਰਜੀਤ ਕੌਰ ਨੂੰ ਈਸਟ ਬੇਅ ਵਿੱਚ ਇੱਕ ਰੁਟੀਨ ਚੈੱਕ-ਇਨ ਦੌਰਾਨ ਹਿਰਾਸਤ ਵਿੱਚ ਲਿਆ ਗਿਆ ਸੀ। ਉਸਦੇ ਪਰਿਵਾਰ ਅਤੇ ਭਾਈਚਾਰੇ ਨੇ ਕਿਹਾ ਕਿ ਉਹ ਤਿੰਨ ਦਹਾਕਿਆਂ ਤੋਂ ਅਮਰੀਕਾ ਵਿੱਚ ਰਹਿ ਰਹੀ ਸੀ ਅਤੇ ਉਸਦਾ ਕੋਈ ਅਪਰਾਧਿਕ ਰਿਕਾਰਡ ਨਹੀਂ ਸੀ। ਉਸਦੀ ਅਰਜ਼ੀ 2013 ਵਿੱਚ ਰੱਦ ਕਰ ਦਿੱਤੀ ਗਈ ਸੀ। ਫਿਰ ਵੀ, ਉਹ ਹਰ ਛੇ ਮਹੀਨਿਆਂ ਬਾਅਦ ICE ਨੂੰ ਰਿਪੋਰਟ ਕਰਦੀ ਰਹੀ। ਉਸਦੀ ਉਮਰ ਅਤੇ ਨਾਜ਼ੁਕ ਸਿਹਤ ਨੂੰ ਦੇਖਦੇ ਹੋਏ, ਭਾਈਚਾਰੇ ਨੇ ਉਸਦੀ ਰਿਹਾਈ ਦੀ ਮੰਗ ਕੀਤੀ ਸੀ, ਪਰ ਹੁਣ ਉਸਨੂੰ ਦੇਸ਼ ਨਿਕਾਲਾ ਦੇਣ ਲਈ ਮਜਬੂਰ ਕੀਤਾ ਗਿਆ ਹੈ। ਇਸ ਮਾਮਲੇ ਦੇ ਵਕੀਲ, ਦੀਪਕ ਆਹਲੂਵਾਲੀਆ ਨੇ ਰਿਪੋਰਟ ਦਿੱਤੀ ਕਿ ਹਰਜੀਤ ਕੌਰ, 132 ਹੋਰ ਭਾਰਤੀ ਨਾਗਰਿਕਾਂ ਦੇ ਨਾਲ, ਪਹਿਲਾਂ ਇੱਕ ICE ਚਾਰਟਰਡ ਫਲਾਈਟ ਰਾਹੀਂ ਜਾਰਜੀਆ ਤੋਂ ਅਰਮੀਨੀਆ ਲਿਜਾਇਆ ਗਿਆ ਅਤੇ ਫਿਰ ਦਿੱਲੀ ਹਵਾਈ ਅੱਡੇ ’ਤੇ ਲਿਜਾਇਆ ਗਿਆ। ਪਰਿਵਾਰ ਅਤੇ ਜਾਣਕਾਰ ਉਨ੍ਹਾਂ ਨੂੰ ਲੈਣ ਲਈ ਦਿੱਲੀ ਹਵਾਈ ਅੱਡੇ ’ਤੇ ਪਹੁੰਚੇ। ਇਸ ਫੈਸਲੇ ਤੋਂ ਭਾਈਚਾਰਾ ਬਹੁਤ ਨਿਰਾਸ਼ ਹੈ। ਪੋਤੀ ਨੇ ਕਿਹਾ: “ਉਨ੍ਹਾਂ ਨੂੰ ਮਿਲਣ ਦੀ ਇਜਾਜ਼ਤ ਨਹੀਂ ਦਿੱਤੀ ਗਈ।” ਹਰਜੀਤ ਕੌਰ ਨੂੰ ਭਾਰਤ ਭੇਜਣ ਤੋਂ ਰੋਕਣ ਲਈ ਅਮਰੀਕਾ ਵਿੱਚ ਵਿਰੋਧ ਪ੍ਰਦਰਸ਼ਨ ਕੀਤੇ ਗਏ। ਉਸਦੀ ਪੋਤੀ, ਸੁਖਮੀਤ ਕੌਰ ਨੇ ਕਿਹਾ: “ਸਾਨੂੰ ਸਿਰਫ਼ ਇਹ ਦੱਸਿਆ ਗਿਆ ਸੀ ਕਿ ਉਸਨੂੰ ਹਿਰਾਸਤ ਵਿੱਚ ਲਿਆ ਜਾ ਰਿਹਾ ਹੈ। ਸਾਨੂੰ ਉਸਨੂੰ ਮਿਲਣ ਦੀ ਵੀ ਇਜਾਜ਼ਤ ਨਹੀਂ ਸੀ। ਅਸੀਂ ਉਸਦੀ ਭਾਲ ਕਰਦੇ ਰਹੇ। ਜਦੋਂ ਸਾਨੂੰ ਉਸਨੂੰ ਮਿਲਿਆ, ਤਾਂ ਉਹ ਰੋ ਰਹੀ ਸੀ ਅਤੇ ਮਦਦ ਲਈ ਬੇਨਤੀ ਕਰ ਰਹੀ ਸੀ।”



ਇੱਕ ਹੋਰ ਦੋਸਤ ਨੇ ਕਿਹਾ ਕਿ ਉਹ 30 ਸਾਲਾਂ ਤੋਂ ਇੱਥੇ ਰਹਿ ਰਹੀ ਸੀ ਅਤੇ ਇੱਕ ਦਰਜ਼ੀ ਵਜੋਂ ਕੰਮ ਕਰਦੀ ਸੀ। “ਜਦੋਂ ਸਾਨੂੰ ਉਸਨੂੰ ਮਿਲਿਆ, ਤਾਂ ਉਸਦੀ ਹਾਲਤ ਬਹੁਤ ਮਾੜੀ ਸੀ। ਅਸੀਂ ਇਹ ਵੀ ਸੁਣਿਆ ਕਿ ਉਸਨੂੰ ਨਾ ਤਾਂ ਬੈਠਣ ਲਈ ਕੁਰਸੀ ਦਿੱਤੀ ਗਈ ਸੀ ਅਤੇ ਨਾ ਹੀ ਸੌਣ ਲਈ ਬਿਸਤਰਾ; ਉਹ ਫਰਸ਼ ’ਤੇ ਸੌਂਦੀ ਸੀ।”

## ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਸ਼ਤਾਬਦੀ ਨੂੰ ਲੈ ਕੇ ਪੰਜਾਬ ਸਰਕਾਰ ਨੇ ਜਾਰੀ ਕੀਤਾ ਲੋਗੋ



**ਚੰਡੀਗੜ੍ਹ, 25 ਸਤੰਬਰ (ਆਵਾਜਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ‘ਹਿੰਦ ਦੀ ਚਾਦਰ’ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸ਼ਤਾਬਦੀ ਨੂੰ ਲੈ ਕੇ ਲੜੀਵਾਰ ਸਮਾਗਮ ਸ਼ੁਰੂ ਕੀਤੇ ਜਾ ਰਹੇ ਹਨ। ਇਸ ਦੀ ਜਾਣਕਾਰੀ ਖੁਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਿੱਤੀ ਹੈ। ਇਸ ਦੌਰਾਨ ਮੁੱਖ ਮੰਤਰੀ ਵੱਲੋਂ 350ਵੇਂ ਸ਼ਹੀਦੀ ਦਿਵਸ ਨੂੰ ਮਨਾਉਣ ਲਈ ਰਾਜ ਪੱਧਰੀ ਯਾਦਗਾਰੀ ਸਮਾਗਮਾਂ ਲਈ ਲੋਗੋ ਜਾਰੀ ਕੀਤਾ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਭਰ ਵਿਚ ਗੁਰੂ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਇਤਿਹਾਸਕ ਅਸਥਾਨਾਂ ’ਤੇ ਸਮਾਗਮ ਕਰਵਾਏ ਜਾਣਗੇ। ਮੁੱਖ ਮੰਤਰੀ ਨੇ ਕਿਹਾ ਕਿ ਸਮਾਗਮਾਂ ਦੀ ਲੜੀ ਦਾ ਮੁੱਖ ਉਦੇਸ਼ ਲੋਕਾਂ ਨੂੰ ’ਹਿੰਦ ਦੀ ਚਾਦਰ’ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਵੱਲੋਂ ਦੱਸੇ ਗਏ ਧਰਮ ਨਿਰਪੱਖਤਾ, ਮਾਨਵਤਾ ਅਤੇ ਕੁਰਬਾਨੀ ਦੀ ਭਾਵਨਾ ਦੇ ਉੱਚ ਆਦਰਸ਼ਾਂ ਦੀ ਪਾਲਣਾ ਕਰਨ ਲਈ ਉਤਸ਼ਾਹਿਤ ਕਰਨਾ ਹੋਵੇਗਾ।

## ਚੰਡੀਗੜ੍ਹ ਦੇ ਮਸ਼ਹੂਰ ਹੋਟਲ ’ਤੇ ਫਾਇਰਿੰਗ; ਮੁਲਜ਼ਮਾਂ ਨੇ ਪਹਿਲਾਂ ਮੁਹਾਲੀ ’ਚ ਜਿੰਮ ਮਾਲਕ ’ਤੇ ਕੀਤਾ ਫਾਇਰਿੰਗ

**ਚੰਡੀਗੜ੍ਹ, 25 ਸਤੰਬਰ (ਆਵਾਜਿ ਕੌਮ ਬਿਊਰੋ)**-ਅੱਜ ਤੜਕਸਾਰ ਮੁਹਾਲੀ ’ਚ ਜਿੰਮ ਮਾਲਕ ’ਤੇ ਗੋਲੀਆਂ ਨਾਲ ਹਮਲਾ ਕਰਨ ਦਾ ਮਾਮਲਾ ਸਾਹਮਣੇ ਆਇਆ। ਅਜੇ ਇਹ ਮਾਮਲਾ ਸੁਲਝਿਆ ਨਹੀਂ ਸੀ ਕਿ ਚੰਡੀਗੜ੍ਹ ’ਚ ਵੀ ਗੋਲੀਬਾਰੀ ਦੀ ਘਟਨਾ ਵਾਪਰੀ। ਮਿਲੀ ਜਾਣਕਾਰੀ ਮੁਤਾਬਿਕ ਚੰਡੀਗੜ੍ਹ ਦੇ ਕਜ਼ੇੜੀ ਸਥਿਤ ਹੋਟਲ ਦਿਲਜੋਤ ਵਿੱਚ ਮੋਟਰਸਾਈਕਲ ’ਤੇ ਆਏ ਅਤੇ ਗੋਲੀਆਂ ਚਲਾਈਆਂ। ਅਪਰਾਧੀਆਂ ਨੇ ਲਗਭਗ ਪੰਜ ਰਾਊਂਡ ਫਾਇਰ ਕੀਤੇ ਅਤੇ ਮੌਕੇ ਤੋਂ ਭੱਜ ਗਏ। ਸੂਚਨਾ ਮਿਲਣ ’ਤੇ, ਪੁਲਿਸ ਸੁਪਰਡੈਂਟ (ਸ਼ਹਿਰ) ਪ੍ਰਿਯੰਕਾ, ਆਪ੍ਰੇਸ਼ਨ ਸੈੱਲ ਅਤੇ ਪੁਲਿਸ ਸਟੇਸ਼ਨ 36 ਦੀ ਇੱਕ ਟੀਮ ਮੌਕੇ ’ਤੇ ਪਹੁੰਚੀ ਅਤੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ।

## ਪੰਜਾਬ ’ਚ ਵੱਡੀ ਵਾਰਦਾਤ ! NRI ਤੇ ਕੇਅਰ ਟੇਕਰ ਔਰਤ ਦਾ ਬੇਰਹਿਮੀ ਨਾਲ ਕਤਲ



**ਹੁਸ਼ਿਆਰਪੁਰ, 25 ਸਤੰਬਰ (ਆਵਾਜਿ ਕੌਮ ਬਿਊਰੋ)**-ਪੰਜਾਬ ਵਿਚ ਡਬਲ ਮਰਡਰ ਵਾਲੀ ਵੱਡੀ ਵਾਰਦਾਤ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਗੜ੍ਹਸ਼ੰਕਰ ਦੇ ਪਿੰਡ ਮੋਰਾਂਵਾਲੀ ਵਿੱਚ ਬੀਤੀ ਰਾਤ ਇਕ ਐੱਨ. ਆਰ. ਆਈ. ਵਿਅਕਤੀ ਦਾ ਅਤੇ ਉਸ ਦੇ ਘਰ ਵਿੱਚ ਕੰਮ ਕਰਨ ਵਾਲੀ ਔਰਤ ਦਾ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਲਾਸ਼ਾਂ ਕੋਲੋਂ ਆ ਰਹੀ ਬਦਬੂ ਕਾਰਨ ਕਤਲ ਦੀ ਘਟਨਾ ਕੁਝ ਦਿਨ ਪੁਰਾਣੀ ਲੱਗ ਰਹੀ ਹੈ।

ਮ੍ਰਿਤਕ ਐੱਨ.ਆਰ.ਆਈ.ਦੀ ਪਛਾਣ ਸੰਤੋਖ ਸਿੰਘ (65) ਪੁੱਤਰ ਗਿਆਨ ਸਿੰਘ ਵਜੋਂ ਹੋਈ ਹੈ, ਜੋ ਕੈਨੇਡਾ ਵਿਚ ਰਹਿ ਰਿਹਾ ਹੈ ਅਤੇ ਕਰੀਬ ਤਿੰਨ ਮਹੀਨੇ ਤੋਂ ਪਿੰਡ ਆਇਆ ਹੋਇਆ ਸੀ। ਮ੍ਰਿਤਕ ਔਰਤ ਦੀ ਪਛਾਣ ਮਨਜੀਤ ਕੌਰ (46) ਪਤਨੀ ਲਖਵਿੰਦਰ ਸਿੰਘ ਪਿੰਡ ਬਾਠ (ਨੂਰਮਹਿਲ) ਵਜੋਂ ਹੋਈ ਹੈ, ਜੋ ਸੰਤੋਖ ਸਿੰਘ ਦੇ ਘਰ ’ਚ ਕੇਅਰ ਟੇਕਰ ਵਜੋਂ ਰਹਿ ਰਹੀ ਸੀ। ਸੂਚਨਾ ਮਿਲਣ ’ਤੇ ਮੌਕੇ ’ਤੇ ਪਹੁੰਚੀ ਪੁਲਸ ਦੀ ਟੀਮ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਦੱਸਿਆ ਜਾ ਰਿਹਾ ਹੈ ਕਿ ਦੋਹਾਂ ਦਾ ਕਤਲ ਤੇਜ਼ਧਾਰ ਹਥਿਆਰਾਂ ਦੇ ਨਾਲ ਕੀਤਾ ਗਿਆ ਹੈ।

ਇਸ ਘਟਨਾ ਦਾ ਉਸ ਸਮੇਂ ਪਤਾ ਲੱਗਾ ਜਦੋਂ ਸਵੇਰ ਸਮੇਂ ਮਨਜੀਤ ਕੌਰ ਦੇ ਨੂਰਮਹਿਲ ਤੋਂ ਆਏ ਭਰਾ ਨੇ ਮਕਾਨ ਨੂੰ ਬਾਹਰੋਂ ਬੰਦ ਹੋਣ ’ਤੇ ਜਦੋਂ ਕੰਧ ਟੱਪ ਕੇ ਅੰਦਰ ਜਾ ਕੇ ਵੇਖਿਆ ਤਾਂ ਘਰ ਦੇ ਅੰਦਰ ਸੰਤੋਖ ਸਿੰਘ ਅਤੇ ਮਨਜੀਤ ਕੌਰ ਦੀਆਂ ਲਾਸ਼ਾਂ ਪਈਆਂ ਸਨ। ਦੋਹਾਂ ਦੇ ਸਰੀਰ ’ਤੇ ਤੇਜ਼ਧਾਰ ਹਥਿਆਰਾਂ ਦੇ ਨਿਸ਼ਾਨ ਸਨ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਜਸਪ੍ਰੀਤ ਸਿੰਘ ਡੀ. ਐੱਸ. ਪੀ. ਗੜ੍ਹਸ਼ੰਕਰ, ਐੱਸ. ਐੱਚ. ਓ. ਗਗਨਦੀਪ ਸਿੰਘ ਸੇਖੋਂ ਪੁਲਸ ਫੋਰਸ ਸਮੇਤ ਮੌਕੇ ’ਤੇ ਪਹੁੰਚ ਕੇ ਘਟਨਾ ਦੀ ਜਾਂਚ ਕਰ ਰਹੇ ਸਨ।




**ਇੰਗਲੈਂਡ ਵਿੱਚ ਭਾਈ ਕਪਤਾਨ ਸਿੰਘ ਜੀ 'ਤੇ ਗੁਰਦੁਆਰਾ ਸਾਹਿਬ ਦੇ ਅੰਦਰ ਹੋਇਆ ਹਮਲਾ ਇੱਕ ਕਾਇਰਤਾ ਭਰੀ ਅਤੇ ਬੇਹੱਦ ਨਿੰਦਣਯੋਗ ਘਟਨਾ ਹੈ। ਇਹ ਹਮਲਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਹੋਇਆ ਹੈ, ਜੋ ਸਿੱਖ ਧਰਮ, ਸਿੱਖ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਅਤੇ ਪੂਰੀ ਸਿੱਖ ਕੌਮ ਲਈ ਘਾਤਕ ਹੈ। ਭਾਈ ਕਪਤਾਨ ਸਿੰਘ ਜੀ ਪੰਥਕ ਸੋਚ ਵਾਲੇ ਬਹਾਦਰ ਯੋਧੇ ਹਨ, ਜੋ ਹਮੇਸ਼ਾ ਪੰਥਕ ਮਸਲਿਆਂ 'ਤੇ ਆਪਣੀ ਅਵਾਜ਼ ਬੁਲੰਦ ਕਰਦੇ ਹਨ ਅਤੇ ਕੌਮ ਦੀ ਚੜ੍ਹਦੀ ਕਲਾ ਲਈ ਸਦਾ ਯਤਨਸ਼ੀਲ ਰਹਿੰਦੇ ਹਨ। ਅਸੀਂ ਇਸ ਹਮਲੇ ਦੀ ਕੜੇ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ ਅਤੇ ਸਥਾਨਕ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ, ਤਾਂ ਜੋ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਸਾਡੀ ਅਰਦਾਸ ਹੈ ਕਿ ਵਾਹਿਗੁਰੂ ਜੀ ਭਾਈ ਕਪਤਾਨ ਸਿੰਘ ਜੀ ਨੂੰ ਜਲਦੀ ਚੰਗੀ ਸਿਹਤ ਬਖ਼ਸ਼ਣ ਅਤੇ ਉਹ ਦੁਬਾਰਾ ਪੰਥਕ ਸੇਵਾਵਾਂ ਵਿੱਚ ਪੂਰੀ ਤਾਕਤ ਨਾਲ ਜੁਟ ਸਕਣ।**

## - ਬਾਬਾ ਬੁੱਧ ਸਿੰਘ ਨਿੱਕੇ ਘੁੰਮਣਾ ਵਾਲੇ

## ਐਡਵੋਕੇਟ ਲੋਕਦੀਪ ਸਿੰਘ ਘੁੰਮਣ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੇ ਮਾਤਾ ਜੀ ਦੇ ਅਕਾਲ ਚਲਾਣੇ ਦੀ ਝੂਠੀ ਖ਼ਬਰ ਫੈਲਾਉਣ ਵਾਲੇ ਸ਼ਰਾਰਤੀ ਅਨਸਰ ਬਾਜ ਆਉਣ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

**ਅੰਮ੍ਰਿਤਸਰ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ ਸੋਸ਼ਲ ਮੀਡੀਆ ਉੱਤੇ ਰਾਤ ਕਿਸੇ ਸ਼ਰਾਰਤੀ ਅਨਸਰ ਨੇ ਜਥੇਦਾਰ ਭਾਈ ਜਗਤਾਰ ਸਿੰਘ ਜੀ ਹਵਾਰਾ ਦੇ ਮਾਤਾ ਜੀ ਦੇ ਅਕਾਲ ਚਲਾਣੇ ਦੀ ਪੋਸਟ ਪਾ ਕੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਗੁੰਮਰਾਹ ਕੀਤਾ ਹੈ। ਕਿਸੇ ਪੰਥ ਦੋਖੀ ਵੱਲੋਂ ਭਾਈ ਰਣਧੀਰ ਸਿੰਘ ਧਨੌਲਾ ਦੇ ਅਕਾਲ ਚਲਾਣਾ ਕੀਤੇ ਮਾਤਾ ਜੀ ਦੀ ਫ਼ੋਟੋ ਪੋਸਟ ਕਰਕੇ ਲਿਖ ਦਿੱਤਾ ਕਿ ਇਹ ਜਥੇਦਾਰ ਜਗਤਾਰ ਸਿੰਘ ਹਵਾਰਾ ਦੇ ਮਾਤਾ ਜੀ ਹਨ ਤੇ ਉਹ ਚੜ੍ਹਾਈ ਕਰ ਗਏ ਹਨ। ਇਸ ਫੇਕ ਖ਼ਬਰ ਨੂੰ ਵੇਖਦਿਆਂ ਸਾਰ ਹੀ ਬਿਨਾਂ ਕੋਈ ਤਸਦੀਕ-ਪੜਤਾਲ ਕੀਤੇ ਅਤੇ ਸੱਚ ਜਾਣੇ ਬਿਨਾਂ ਹੀ ਅਨੇਕਾਂ ਲੋਕਾਂ ਨੇ ਅਨਜਾਣੇ ਵਿੱਚ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੇ ਮਾਤਾ ਜੀ ਦੇ ਅਕਾਲ ਚਲਾਣੇ ਦੀਆਂ ਪੋਸਟਾਂ ਲਿਖ-ਲਿਖ ਕੇ ਅਪਲੋਡ ਕਰ ਦਿੱਤੀਆਂ। ਇਸ ਅਫ਼ਵਾਹ ਨਾਲ ਸੰਗਤਾਂ ਵਿੱਚ ਦੁਚਿੱਤੀ ਫੈਲ ਗਈ। ਜਦੋਂ ਅਸੀਂ ਫੋਨ ਕਰਕੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੇ ਕਰੀਬੀਆਂ ਅਤੇ ਪਿੰਡ ਵਾਸੀਆਂ ਪਾਸੋਂ ਇਹ ਜਾਣਕਾਰੀ ਪ੍ਰਾਪਤ ਕੀਤੀ ਤਾਂ ਉਹਨਾਂ ਨੇ ਦੱਸਿਆ ਕਿ ਮਾਤਾ ਜੀ ਠੀਕ-ਠਾਕ ਹਨ। ਉਹਨਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਹੀ ਮਾਤਾ ਜੀ ਵਿਦੇਸ਼ ਤੋਂ ਵਾਪਸ ਪਰਤੇ ਹਨ ਤੇ ਉਹ ਆਪਣੇ ਘਰ ਹਵਾਰਾ ਕਲਾਂ ਵਿੱਚ ਹਨ, ਵੈਸੇ ਮਾਤਾ ਜੀ ਦੀ ਸਿਹਤ ਢਿੱਲੀ ਹੈ ਤੇ ਉਹ ਕਾਫ਼ੀ ਬਜ਼ੁਰਗ ਹੋ ਚੁੱਕੇ ਹਨ ਤੇ ਉਹਨਾਂ ਦੀ ਇੱਛਾ ਹੈ ਕਿ ਉਹ ਤਿਹਾੜ ਜੇਲ੍ਹ ਵਿੱਚ ਨਜ਼ਰਬੰਦ ਆਪਣੇ ਪੁੱਤਰ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਨਾਲ ਖੁੱਲ੍ਹ ਕੇ ਮਿਲ ਸਕਣ ਤੇ ਗੱਲਾਂਬਾਤਾਂ ਕਰ ਸਕਣ। ਭਾਈ ਹਵਾਰਾ ਦੇ ਮਾਤਾ ਜੀ ਆਪਣੇ ਪੁੱਤਰ ਨੂੰ ਮਿਲਣ ਲਈ ਤੜਫ ਰਹੇ ਹਨ ਪਰ ਭਾਰਤ ਸਰਕਾਰ ਦੀ ਨੀਤੀ ਸਿੱਖਾਂ ਵਿਰੁੱਧ ਹੈ, ਜਿਸ ਕਰਕੇ ਆਪਣੇ ਪੁੱਤ ਨਾਲ ਇੱਕ ਮਾਂ ਦਾ ਮਿਲਾਪ ਨਹੀਂ ਹੋ ਰਿਹਾ। ਮਾਤਾ ਜੀ ਯੂ ਐਸ ਏ ਤੋਂ ਆਏ ਹਨ ਤੇ ਸਰੀਰਿਕ ਤੌਰ 'ਤੇ ਬਹੁਤ ਕਮਜ਼ੋਰ ਹਨ। ਸਰਕਾਰ ਨੂੰ ਚਾਹੀਦਾ ਹੈ ਕਿ ਜਥੇਦਾਰ ਹਵਾਰਾ ਨੂੰ ਥੋੜੇ ਦਿਨਾਂ ਦੀ ਤੁਰੰਤ ਛੁੱਟੀ ਦਿੱਤੀ ਜਾਵੇ ਤਾਂ ਜੋ ਉਹ ਆਪਣੇ ਮਾਤਾ ਜੀ ਨਾਲ ਸਮਾਂ ਬਿਤਾ ਸਕਣ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਮਾਤਾ ਜੀ ਦੇ ਅਕਾਲ ਚਲਾਣੇ ਦੀ ਝੂਠੀ ਖਬਰ ਪਾ ਕੇ ਕੁਝ ਸ਼ਰਾਰਤੀ ਅਨਸਰਾਂ ਨੇ ਸਿੱਖ ਕੌਮ ਨੂੰ ਪੀੜ, ਸੰਤਾਪ ਅਤੇ ਦੁੱਖ ਦੇਣਾ ਚਾਹਿਆ ਹੈ। ਉਹਨਾਂ ਕਿਹਾ ਕਿ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਜੋ ਸਿੱਖ ਕੌਮ ਦੇ ਮਹਾਨ ਸੂਰਬੀਰ ਯੋਧੇ ਹਨ ਜਿਨ੍ਹਾਂ ਨੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਅਰੰਭੇ ਖ਼ਾਲਿਸਤਾਨ ਦੇ ਸੰਘਰਸ਼ ਨੂੰ ਅੱਗੇ ਤੋਰਿਆ ਹੈ ਅਤੇ ਜ਼ਾਲਮ ਮੁੱਖ ਮੰਤਰੀ ਬੁੱਚੜ ਬੇਅੰਤ ਸਿਹੁੰ ਨੂੰ ਸੋਧ ਕੇ ਕਾਂਗਰਸ ਦੇ ਜ਼ੁਲਮੀ ਰਾਜ ਦਾ ਅੰਤ ਕੀਤਾ ਤੇ ਸਿੱਖ ਨੌਜਵਾਨਾਂ ਦੀ ਨਸਲਕੁਸ਼ੀ ਹੋਣੋਂ ਰੋਕੀ ਸੀ। ਭਾਈ ਹਵਾਰਾ ਪਿਛਲੇ 30 ਸਾਲ ਤੋਂ ਜੇਲ੍ਹ ਵਿੱਚ ਨਜ਼ਰਬੰਦ ਹਨ, ਭਾਰਤੀ ਹਕੂਮਤ ਵੱਲੋਂ ਉਹਨਾਂ ਨੂੰ ਪੈਰੋਲ ਨਾ ਦੇਣਾ ਅਤੇ ਸਜ਼ਾ ਪੂਰੀ ਕਰਨ ਦੇ ਬਾਵਜੂਦ ਵੀ ਰਿਹਾਅ ਨਾ ਕਰਨਾ ਇਹ ਸਿੱਖਾਂ ਦੇ ਮਨੁੱਖੀ ਹੱਕਾਂ ਉੱਤੇ ਡਾਕਾ ਹੈ। ਭਾਈ ਹਵਾਰਾ ਦੀ ਕੁਰਬਾਨੀ, ਸੇਵਾ ਅਤੇ ਦ੍ਰਿੜਤਾ ਕਰਕੇ 10 ਨਵੰਬਰ 2015 ਨੂੰ ਸਰਬੱਤ ਖਾਲਸਾ ਦੌਰਾਨ ਉਹਨਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਦਾ ਜਥੇਦਾਰ ਚੁਣਿਆ ਗਿਆ ਸੀ। ਭਾਈ ਰਣਜੀਤ ਸਿੰਘ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੇ ਮਾਤਾ ਜੀ ਦੀ ਚੜ੍ਹਦੀ ਕਲਾ ਤੇ ਤੰਦਰੁਸਤੀ ਲਈ ਅਰਦਾਸ ਕੀਤੀ ਜਾਵੇ, ਅਨੇਕਾਂ ਜਥੇਬੰਦੀਆਂ ਦੇ ਆਗੂ ਅਤੇ ਸੰਗਤਾਂ ਜੋ ਮਾਤਾ ਜੀ ਨੂੰ ਘਰ ਆ ਕੇ ਮਿਲ ਰਹੇ ਹਨ ਅਤੇ ਸਤਿਕਾਰ ਭੇਟ ਕਰ ਰਹੇ ਹਨ। ਉਹਨਾਂ ਇਹ ਵੀ ਕਿਹਾ ਕਿ ਮਾਤਾ ਜੀ ਦੇ ਅਕਾਲ ਚਲਾਣੇ ਦੀਆਂ ਝੂਠੀਆਂ ਅਫ਼ਵਾਹਾਂ ਅਤੇ ਫੇਕ ਖਬਰਾਂ ਚਲਾਉਣ ਵਾਲੇ ਸੋਸ਼ਲ ਮੀਡੀਆ ਖਾਤੇ ਅਤੇ ਚੈਨਲ ਆਪਣੀਆਂ ਹਰਕਤਾਂ ਤੋਂ ਬਾਜ਼ ਆਉਣ, ਨਹੀਂ ਤਾਂ ਇਹਨਾਂ ਨੂੰ ਖਾਲਸਾ ਪੰਥ ਦੇ ਰੋਹ ਦਾ ਸ਼ਿਕਾਰ ਹੋਣਾ ਪਵੇਗਾ।




ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ





ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America -+1(856)-473-8596
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

# ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ


ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ


ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ (ਕੈਨੇਡਾ)


ਸ਼ਹੀਦ ਭਾਈ ਅਵਤਾਰ ਸਿੰਘ ਖੰਡਾ (ਇੰਗਲੈਂਡ)



ਜਲਾਵਤਨੀ ਸਵ. ਭਾਈ ਗਜਿੰਦਰ ਸਿੰਘ ਦਲ ਖਾਲਸਾ

ਸ਼ਹੀਦ ਭਾਈ ਜੱਥੇਦਾਰ ਤਲਵਿੰਦਰ ਸਿੰਘ ਬੱਬਰ, ਭਾਈ ਗਜਿੰਦਰ ਸਿੰਘ ਦਲ ਖ਼ਾਲਸਾ, ਹਰਦੀਪ ਸਿੰਘ ਨਿੱਜਰ, ਅਵਤਾਰ ਸਿੰਘ ਖੰਡਾ , ਭਾਈ ਹਰਬੰਸ ਸਿੰਘ ਜੋਸ਼ ਜੀ ਅਤੇ ਸਮੂਹ ਕੌਮੀ ਯੋਧਿਆਂ ਅਤੇ ਸ਼ਹੀਦਾਂ ਦੀ ਯਾਦ ਨੂੰ ਸਮੱਰਪਿਤ ਸ਼ਹੀਦੀ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਾਹਿਬ ਸਮੈਦਿਕ ਵਿਖੇ ਹੋਵੇਗਾ।

## 5 ਅਕਤੂਬਰ ਨੂੰ

ਦੁਪਿਹਰ ਇਕ ਵਜੇ ਤੋਂ 3 ਵਜੇ ਤੱਕ ਪੰਥ ਦੇ ਮਹਾਨ ਰਾਗੀ ਤੇ ਢਾਡੀ ਜੱਥਿਆਂ, ਢਾਡੀ ਜਥਾ ਜੱਥੇਦਾਰ ਹਰਮੇਲ ਸਿੰਘ ਦਿਲਬਰ, ਭਾਈ ਗੁਰਬਚਨ ਸਿੰਘ ਅਣਖੀ, ਭਾਈ ਇਕਬਾਲ ਸਿੰਘ ਜੀ ਦੇ ਜੱਥੇ ਵੱਲੋਂ ਆਪ ਜੀ ਨੂੰ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ ਜਾਵੇਗਾ।

**ਪੰਥਕ ਬੁਲਾਰੇ ਆਪ ਜੀ ਨੂੰ ਮਹਾਨ ਸ਼ਹੀਦਾਂ ਦੀ ਜੀਵਨੀ ਤੋਂ ਜਾਣੂ ਕਰਵਾਉਣਗੇ।**


ਸਵ. ਭਾਈ ਹਰਬੰਸ ਸਿੰਘ ਜੋਸ਼ ਢਾਡੀ

**ਜੱਥੇਦਾਰ ਹਰਮੇਲ ਸਿੰਘ ਦਿਲਬਰ ਅਤੇ ਦਲ ਖ਼ਾਲਸਾ ਵੱਲੋਂ ਬੇਨਤੀ ਹੈ ਕਿ ਪਰਿਵਾਰ ਸਮੇਤ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਜਰੂਰ ਪਹੁੰਚੋ ਜੀ।**

--✶ ਜਾਰੀ ਕਰਤਾ ✶--

## ਭਾਈ ਹਰਮੇਲ ਸਿੰਘ ਦਿਲਬਰ
## ਇੰਗਲੈਂਡ

ਆਵਾਜ਼ਿ ਕੌਮ AWAZE QAUM International Newspaper & WEB TV





# ਕੀ ਪੰਜਾਬ ਵਿਚ ਸਿੱਖਾਂ ਦੀ ਗਿਣਤੀ ਵਧਾਈ ਜਾ ਸਕਦੀ ਹੈ ?

**ਸੋਸ਼ਲ** ਮੀਡੀਆ ਉੱਤੇ ਆਈ ਇਕ ਪੋਸਟ ਦਾ ਗੰਭੀਰਤਾ ਨਾਲ ਨੋਟਿਸ ਲਿਆ ਜਾਣਾ ਜ਼ਰੂਰੀ ਹੈ ਜਿਸ ਵਿਚ ਸਲਾਹ ਦਿੱਤੀ ਗਈ ਹੈ ਕਿ ਸਿੱਖ ਵਿਰੋਧੀ ਤਾਕਤਾਂ ਦੇ ਅਨੇਕਾਂ ਯਤਨਾਂ ਸਦਕਾ ਪੰਜਾਬ ਵਿਚ ਸਿੱਖਾਂ ਦੀ ਘੱਟਦੀ ਜਾਂਦੀ ਗਿਣਤੀ ਨੂੰ ਦੇਖਦਿਆਂ ਦੇਸ਼ ਭਰ ਵਿਚ ਵਸਦੇ ਕਰੋੜਾਂ ਸਿਕਲੀਗੀਰਾਂ, ਵਣਜਾਰਿਆਂ, ਸਤਿਨਾਮੀਆਂ ਤੇ ਹੋਰ ਕਈ ਨਾਨਕ ਨਾਮ ਲੇਵਾ ਸਮਾਜ ਦੇ ਸਿੱਖਾਂ ਨੂੰ ਪੰਜਾਬ ਵਿਚ ਲਿਆ ਕੇ ਵਸਾਇਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸਬੰਧੀ ਪੰਜਾਬ ਭਰ ਦੀਆਂ ਸਮੂਹ ਸਿੱਖ ਜਥੇਬੰਦੀਆਂ ਇਕਮੱਤ ਤੇ ਇਕਮੁਠ ਹੋ ਕੇ ਯਤਨ ਕਰ ਸਕਦੀਆਂ ਹਨ ਤੇ ਉਨ੍ਹਾਂ ਦੇ ਵਸੇਬੇ ਤੇ ਕਾਰੋਬਾਰਾਂ ਵਿਚ ਮਦਦ ਕਰ ਸਕਦੀਆਂ ਹਨ। ਇਸ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੀਆਂ ਪੰਜਾਬ ਭਰ ਵਿਚ ਮੌਜੂਦ ਜ਼ਮੀਨਾਂ ਜਾਇਦਾਦਾਂ ਮੁਹਈਆ ਕਰਵਾ ਸਕਦੀ ਹੈ ਅਤੇ ਸਿੱਖ ਉਦਯੋਗਪਤੀ ਉਨ੍ਹਾਂ ਨੂੰ ਆਪਣੀਆਂ ਫੈਕਟਰੀਆਂ ਕਾਰੋਬਾਰਾਂ ਵਿਚ ਸਨਮਾਨਜਨਕ ਰੁਜ਼ਗਾਰ ਦੇ ਸਕਦੇ ਹਨ। ਇਸ ਨਾਲ ਹੋਰਨਾਂ ਗੱਲਾਂ ਤੋਂ ਇਲਾਵਾ ਪੰਜਾਬ ਵਿਚ ਸਿੱਖਾਂ ਦੇ ਘੱਟਦੇ ਜਾਂਦੇ ਰਾਜਸੀ ਅਸਰ ਰਸੂਖ ਨੂੰ ਵੀ ਠੱਲ੍ਹ ਪਵੇਗੀ।

ਜੇ ਬਿਹਾਰ, ਯੂਪੀ, ਹਿਮਾਚਲ ਪ੍ਰਦੇਸ਼ ਤੇ ਜੰਮੂ ਕਸ਼ਮੀਰ ਦੇ ਲੱਖਾਂ ਲੋਕਾਂ ਨੂੰ ਪੰਜਾਬ ਵਿਚ ਵਸਾਇਆ ਗਿਆ ਹੈ ਤਾਂ ਮਹਾਂਰਾਸ਼ਟਰ, ਕਰਨਾਟਕ, ਮੱਧ ਪ੍ਰਦੇਸ਼, ਉਤਰਾਖੰਡ ਆਦਿ ਰਾਜਾਂ ਵਿਚ ਵਸਦੇ ਕਰੋੜਾਂ ਸਿਕਲੀਗੀਰਾਂ, ਵਣਜਾਰੇ, ਨਿਰਮਲੇ, ਸਤਿਨਾਮੀਏ ਤੇ ਹੋਰ ਨਾਨਕ ਨਾਮ ਲੇਵਾ ਸਮਾਜ ਦੇ ਸਿੱਖਾਂ ਨੂੰ ਪੰਜਾਬ ਵਿਚ ਕਿਉਂ ਨਹੀਂ ਵਸਾਇਆ ਜਾ ਸਕਦਾ ?

ਡਾ. ਸ੍ਰ. ਦਲਵਿੰਦਰ ਸਿੰਘ ਗ੍ਰੇਵਾਲ ਦੇ ਇਕ ਲੇਖ ਅਨੁਸਾਰ ਇਨ੍ਹਾਂ ਕਰੀਬਨ 14.25 ਕਰੋੜ ਸਿੱਖਾਂ ਦਾ ਵੇਰਵਾ ਇਸ ਪ੍ਰਕਾਰ ਹੈ :

ਗੁਰੂ ਨਾਨਕ ਦੇਵ ਜੀ ਨੇ ਸਿੱਖੀ ਦਾ ਜੋ ਬੂਟਾ ਲਾਇਆ ਤੇ ਵਿਸ਼ਵ ਦੀ ਯਾਤਰਾ ਕਰਕੇ ਫੈਲਾਇਆ ਤੇ ਜਿਸ ਨੂੰ ਅੰਮ੍ਰਿਤ ਛਕਾਕੇ ਦਸਮੇਸ਼ ਪਿਤਾ ਨੇ ਸਿੰਘ ਬਣਾਇਆ, ਉਹ ਵਧਦਾ ਵਧਦਾ ਸਾਰੇ ਵਿਸ਼ਵ ਵਿਚ ਜੜ੍ਹਾਂ ਫੜ ਗਿਆ ਹੈ। ਇਕ ਸਰਵੇਖਣ ਅਨੁਸਾਰ ਸਿੱਖਾਂ ਦੀ ਗਿਣਤੀ ਸਵਾ ਚੌਦਾਂ ਕ੍ਰੋੜ ਤੋਂ ਉਪਰ ਹੈ ਤੇ ਦੁਨੀਆਂ ਵਿਚ ਸਿੱਖਾਂ ਦੇ ਪ੍ਰਮੁੱਖ ਗੜ੍ਹ ਹੇਠ ਲਿਖੇ ਅਨੁਸਾਰ ਹਨ:

ਨੰ.---ਗਰੁਪ---------ਇਲਾਕਾ------------------- ----ਗਿਣਤੀ

1. ਸਥਾਨਿਕ ਸਿੱਖ --ਪੰਜਾਬ, ਕਸ਼ਮੀਰ, ਹਰਿਆਣਾ, ਦਿੱਲੀ ਤੇ ਇਰਦ ਗਿਰਦ ਇਲਾਕੇ -2 ਕ੍ਰੋੜ
2. ਸਿਕਲੀਗਰ-- ਮਹਾਰਾਸ਼ਟਰ, ਆਂਧਰਾ, ਕਰਨਾਟਕ, ਮੱਧ ਪ੍ਰਦੇਸ਼, ਪੰਜਾਬ, ਹਰਿਆਣਾ, ਗੁਜਰਾਤ, ਰਾਜਿਸਥਾਨ ਆਦਿ --------4 ਕ੍ਰੋੜ
3. ਵਣਜਾਰੇ --ਮਹਾਂਰਾਸ਼ਟਰ, ਮੱਧ ਪ੍ਰਦੇਸ਼, ਪੰਜਾਬ, ਉਤਰ ਪ੍ਰਦੇਸ਼ ਆਦਿ -5 ਕ੍ਰੋੜ
4. ਸਤਿਨਾਮੀਏ- ਛਤੀਸਗੜ੍ਹ, ਝਾੜਖੰਡ, ਬੰਗਾਲ, ਮੱਧ ਪ੍ਰਦੇਸ਼ ਆਦਿ- 1 ਕ੍ਰੋੜ
5. ਜੌਹਰੀ --ਮਹਾਂਰਾਸ਼ਟਰ ਆਦਿ -------20 ਹਜ਼ਾਰ
6. ਆਸਾਮੀ --ਆਸਾਮ ਦੇ ਵੀਹ ਪਿੰਡ-------20 ਹਜ਼ਾਰ
7. ਬਿਹਾਰੀ --ਕਿਸ਼ਨ ਗੰਜ ਤੇ ਪਟਨਾ ਬਿਹਾਰ ਆਦਿ ----- -20 ਹਜ਼ਾਰ
8. ਥਾਰੂ -- ਬਿਜਨੌਰ ਉੱਤਰ ਪ੍ਰਦੇਸ਼ ------20 ਹਜ਼ਾਰ
9. ਲਾਮੇ -- ਕਰਮਾਪਾ ਤੇ ਨਈਜ਼ਗਮਾਪਾ ਕਬੀਲਿਆਂ ਦੇ ਤਿੱਬਤੀ ਮੂਲ ਦੇ ਨਿਵਾਸੀ -1 ਲੱਖ
10. ਸਿੰਧੀ -ਮਹਾਰਾਸ਼ਟਰ, ਗੁਜਰਾਤ, ਰਾਜਿਸਥਾਨ ਆਦਿ --- -2 ਲੱਖ
11. ਵਿਦੇਸ਼ੀ - ਕੈਨੇਡਾ, ਇੰਗਲੈਂਡ, ਅਮਰੀਕਾ, ਆਸਟ੍ਰੇਲੀਆ, ਥਾਈਲੈਂਡ, ਮਲੇਸ਼ੀਆ, ਨਿਊਜ਼ੀਲੈਂਡ ਤੇ ਅਫਰੀਕਾ ਆਦਿ --------15 ਲੱਖ
12. ਹੋਰ ਸਿੱਖ- ਨਿਰੰਕਾਰੀ, ਨਾਮਧਾਰੀ, ਰਾਧਾਸੁਆਮੀ ਤੇ ਹੋਰ ਧਾਰਾਵਾਂ ਨਾਲ ਸਬੰਧਿਤ -10 ਲੱਖ

ਕੁੱਲ 14 ਕ੍ਰੋੜ 25 ਲੱਖ

ਉਪਰੋਕਤ ਆਂਕੜਿਆਂ ਉਤੇ ਨਜ਼ਰ ਮਾਰਿਆਂ ਪੰਜਾਬੋਂ ਬਾਹਰ ਜੋ ਗਰੁਪ ਜਾਂ ਕਬੀਲੇ ਹਨ, ਉਨ੍ਹਾਂ ਵਿਚ ਵਣਜਾਰੇ, ਸਿਕਲੀਗਰ ਤੇ ਸਤਿਨਾਮੀਏ ਪ੍ਰਮੁੱਖ ਹਨ, ਜਿਨ੍ਹਾਂ ਨੇ ਗੁਰੂ ਸਾਹਿਬਾਨ ਦੇ ਆਜ਼ਾਦੀ ਤੇ ਬਰਾਬਰੀ ਦੇ ਸੰਦੇਸ਼ਾਂ ਨੂੰ ਮੁੱਖ ਰਖਦਿਆਂ ਸਮੇਂ ਦੇ ਹਾਕਮਾਂ ਨਾਲ ਆਢਾ ਲਾਇਆ ਤੇ ਜਿਸ ਦਾ ਖਮਿਆਜਾ ਇਹ ਹਾਲੇ ਤਕ ਭੁਗਤ ਰਹੇ ਹਨ । ਥਾਂ ਥਾਂ ਦੀਆਂ ਠੋਕਰਾਂ ਖਾਂਦੇ ਖਾਂਦੇ, ਬੁਰੇ ਹਾਲਾਤਾਂ ਨਾਲ ਜੂਝਦਿਆਂ ਜਿਸ ਤਰ੍ਹਾਂ ਇਨ੍ਹਾਂ ਨੇ ਸਿੱਖੀ ਕਦਰਾਂ ਕੀਮਤਾਂ ਨੂੰ ਬਰਕਰਾਰ ਰਖਿਆ ਹੈ, ਉਹ ਆਪਣੇ ਆਪ ਵਿਚ ਇਕ ਮਿਸਾਲ ਹੈ।




IN LOVING MEMORY OF
ਆਵਾਜ਼ਿ ਕੌਮ AWAZE QAUM International Newspaper & WEB TV
AVTAR SINGH SANDHU
11-11-1942 TO 14-09-2025
Friday 26th September 2025
12:45pm Respects at the Family home 24 Southwood Gardens, IG2 6YF
2:15pm Service City of London Crematorium, Aldersbrook Road, London E12 5DQ
3:30pm Ardas & Langar at Gurdwara Singh Sabha, Barking IG11 8JD

ਫੱਗੂ ਪਿੰਡ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਸਾਹਿਬ ਦੀ ਨਵੀਂ ਇਮਾਰਤ ਦੇ ਲੈਂਟਰ ਦੀ ਕਾਰ ਸੇਵਾ ਸ਼ੁਰੂ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਸ਼ੇਸ਼ ਤੌਰ 'ਤੇ ਪਹੁੰਚੇ

## ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ


















ਫੱਗੂ ਪਿੰਡ ਅੱਜ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਸਾਹਿਬ ਦੀ ਨਵੀਂ ਇਮਾਰਤ ਦੇ ਲੈਂਟਰ ਦੀ ਕਾਰ ਸੇਵਾ ਸ਼ੁਰੂ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ,ਹਾਜ਼ਰ ਸੰਗਤਾਂ ਬਾਬਾ ਸੁਖਪਾਲ ਸਿੰਘ ਬੜਾਗੁੜਾ,ਬਾਬਾ ਅੰਗਰੇਜ਼ ਸਿੰਘ ਫੱਗੂ,ਬਾਬਾ ਨਿਰਮਲ ਸਿੰਘ ਫੱਗੂ,ਭਾਈ ਨਿਰਮਲ ਸਿੰਘ ਮੱਲੜੀ,ਸਾਬਕਾ ਸਰਪੰਚ ਬਲਜੀਤ ਸਿੰਘ,ਪ੍ਰਧਾਨ ਮੋਹਲਾ ਸਿੰਘ ਫੱਗੂ।





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕੌਮੀ ਯੋਧੇ ਭਾਈ ਸੰਦੀਪ ਸਿੰਘ ਸੰਨੀ ਦੀ ਚੜ੍ਹਦੀ ਕਲਾ ਲਈ

# ਪੰਥਕ ਜਥੇਬੰਦੀਆਂ ਵੱਲੋਂ ਅਕਾਲ ਤਖ਼ਤ ਸਾਹਿਬ 'ਤੇ ਅਰਦਾਸ





**ਅੰਮ੍ਰਿਤਸਰ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੌਮੀ ਯੋਧੇ ਭਾਈ ਸੰਦੀਪ ਸਿੰਘ ਸੰਨੀ ਦੀ ਚੜ੍ਹਦੀ ਕਲਾ ਅਤੇ ਤੰਦਰੁਸਤੀ ਲਈ ਆਵਾਜ਼ ਏ ਕੌਮ ਅਤੇ ਸਮੂਹ ਪੰਥਕ ਜਥੇਬੰਦੀਆਂ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕੀਤੀ ਗਈ। ਪੰਥਕ ਆਗੂਆਂ ਨੇ ਕਿਹਾ ਕਿ ਪਟਿਆਲੇ ਜੇਲ੍ਹ ਵਿਚ ਭਾਈ ਸੰਦੀਪ ਸਿੰਘ ਸੰਨੀ 'ਤੇ ਜੋ ਭਾਰੀ ਤਸ਼ੱਦਦ ਕੀਤਾ ਗਿਆ ਅਤੇ ਉਨ੍ਹਾਂ ਨੂੰ ਜਾਨੋਂ ਮਾਰਨ ਲਈ ਜੋ ਸਾਜਿਸ਼ ਰਚੀ ਗਈ ਉਸ ਲਈ ਪੰਜਾਬ ਦਾ ਸਮੁੱਚਾ ਜੇਲ੍ਹ ਪ੍ਰਸ਼ਾਸਨ ਅਤੇ ਪਟਿਆਲੇ ਜੇਲ੍ਹ ਦੇ ਪੁਲਿਸ ਅਧਿਕਾਰੀ ਜ਼ਿੰਮੇਵਾਰ ਹਨ। ਆਵਾਜ਼ ਏ ਕੌਮ ਦੇ ਮੁੱਖ ਸੇਵਾਦਾਰ ਭਾਈ ਮਨਜੀਤ ਸਿੰਘ ਕਰਤਾਰਪੁਰ ਨੇ ਕਿਹਾ ਕਿ ਇੱਥੋਂ ਦੇ ਸਰਕਾਰੀ ਸਿਸਟਮ ਵਿੱਚ ਹਿੰਦੂਆਂ ਲਈ ਅਲੱਗ ਕਾਨੂੰਨ ਹਨ ਅਤੇ ਸਿੱਖਾਂ ਲਈ ਅਲੱਗ। ਕੌਮੀ ਯੋਧੇ ਭਾਈ ਸੰਦੀਪ ਸਿੰਘ ਸੰਨੀ 'ਤੇ ਭਾਰੀ ਤਸ਼ੱਦਦ ਢਾਹੁਣ ਤੋਂ ਬਾਅਦ ਹਾਲੇ ਤੱਕ ਵੀ ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਵਿਚ ਦਾਖ਼ਲ ਨਹੀਂ ਕਰਵਾਇਆ ਗਿਆ ਜੋ ਕਿ ਮਨੁੱਖੀ ਅਧਿਕਾਰਾਂ ਦਾ ਵੱਡਾ ਘਾਣ ਹੈ। ਸਮੂਹ ਪੰਥਕ ਜਥੇਬੰਦੀਆਂ ਵੱਲੋਂ ਭਾਈ ਸੰਦੀਪ ਸਿੰਘ ਸੰਨੀ ਦੇ ਭਰਾ ਭਾਈ ਹਰਦੀਪ ਸਿੰਘ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਭਾਈ ਸੰਦੀਪ ਸਿੰਘ ਸੰਨੀ ਦੇ ਭਰਾਤਾ ਭਾਈ ਹਰਦੀਪ ਸਿੰਘ, ਆਵਾਜ਼ ਏ ਕੌਮ ਦੇ ਮੁੱਖ ਸੇਵਾਦਾਰ ਮਨਜੀਤ ਸਿੰਘ ਕਰਤਾਰਪੁਰ, ਨੋਬਲਜੀਤ ਸਿੰਘ ਬੁੱਲ੍ਹੋਵਾਲ, ਹਰਜਿੰਦਰ ਸਿੰਘ ਜਿੰਦਾ, ਮਹਿਤਾਬ ਸਿੰਘ ਸਿਰਸਾ ਬੀ.ਕੇ.ਯੂ ਸਿਰਸਾ, ਗੁਰਪ੍ਰੀਤ ਸਿੰਘ ਖੁੱਡਾ ਮਿਸਲ ਪੰਜਆਬ, ਗੁਰਨਾਮ ਸਿੰਘ ਸਿੰਗੜੀਵਾਲਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਜਥੇਦਾਰ ਭੁਪਿੰਦਰ ਸਿੰਘ ਜੀ ਤਰਨਾ ਦਲ, ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ, ਰਣਵੀਰ ਸਿੰਘ ਬੈਂਸਤਾਨੀ, ਕਰਨੈਲ ਸਿੰਘ ਘੋੜੇਬਾਹਾ, ਸੁਖਵਿੰਦਰ ਸਿੰਘ ਹਰਿਆਣਾ, ਕੁਲਦੀਪ ਸਿੰਘ ਢੱਡੇ ਫ਼ਤਿਹ ਸਿੰਘ, ਜਤਿੰਦਰਪਾਲ ਸਿੰਘ ਮਝੈਲ ਬਾਬਾ ਦੀਪ ਸਿੰਘ ਸੇਵਾ ਦਲ, ਸ਼ਰਨਜੀਤ ਸਿੰਘ ਚੌਲਾਂਗ, ਬਲਦੇਵ ਸਿੰਘ ਗਤਕਾ ਮਾਸਟਰ ਜਲੰਧਰ, ਅਵਤਾਰ ਸਿੰਘ, ਰਵਿੰਦਰ ਸਿੰਘ ਬੱਬੀ ਆਦਿ ਹਾਜ਼ਰ ਸਨ।

### ਅਯੁੱਧਿਆ ਦੇ ਰਾਮਾਨੰਦੀ ਸ਼੍ਰੀ ਵੈਸ਼ਣਵ ਸੰਪਰਦਾ ਦੇ ਸੰਤ ਸ਼੍ਰੀ ਮਹੰਤ ਆਸ਼ੀਸ਼ ਦਾਸ ਅਤੇ ਅੰਤਰਰਾਸ਼ਟਰੀ ਸਮਾਜ ਸੇਵੀ ਸੰਸਥਾ 'ਪੀਸੀਟੀ ਹਿਊਮੈਨਿਟੀ' ਦੇ ਸੰਸਥਾਪਕ

# ਡਾ. ਜੋਗਿੰਦਰ ਸਿੰਘ ਸਲਾਰੀਆ ਨੇ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ





**ਅੰਮ੍ਰਿਤਸਰ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)** - ਅਯੁੱਧਿਆ ਦੇ ਪ੍ਰਸਿੱਧ ਸੰਤ ਮਹੰਤ ਨਿੱਤਿਆ ਗੋਪਾਲ ਦਾਸ ਜੀ ਮਹਾਰਾਜ ਦੇ ਕਿਰਪਾ-ਪਾਤਰ ਸ਼ਿਸ਼ ਅਤੇ ਰਾਮਾਨੰਦੀ ਸ਼੍ਰੀ ਵੈਸ਼ਣਵ ਸੰਪਰਦਾ ਨਾਲ ਸੰਬੰਧਿਤ ਸੰਤ ਸ਼੍ਰੀ ਮਹੰਤ ਆਸ਼ੀਸ਼ ਦਾਸ ਜੀ ਮਹਾਰਾਜ, ਜੋ ਕਿ ਬਾਬਾ ਬੰਦਾ ਸਿੰਘ ਬਹਾਦਰ ਦੇ ਜਨਮ ਸਥਾਨ ਰਾਜੌਰੀ (ਜੰਮੂ-ਕਸ਼ਮੀਰ) ਲਈ ਧਾਰਮਿਕ ਯਾਤਰਾ ਵਿੱਚ ਸ਼ਾਮਲ ਹੋਣ ਲਈ ਪੰਜਾਬ ਅਤੇ ਜੰਮੂ-ਕਸ਼ਮੀਰ ਦੇ 5 ਦਿਨਾ ਆਤਮਿਕ ਦੌਰੇ 'ਤੇ ਆਏ ਹਨ ਨੇ ਅੱਜ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਨਾਮਵਰ ਅੰਤਰਰਾਸ਼ਟਰੀ ਸਮਾਜ ਸੇਵੀ ਸੰਸਥਾ 'ਪੀਸੀਟੀ ਹਿਊਮੈਨਿਟੀ' ਦੇ ਸੰਸਥਾਪਕ ਡਾ. ਜੋਗਿੰਦਰ ਸਿੰਘ ਸਲਾਰੀਆ ਵੀ ਮੌਜੂਦ ਸਨ। ਇਸ ਅਵਸਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੈਨੇਜਰ ਸ. ਜਸਪਾਲ ਸਿੰਘ ਢੱਡੇ ਨੇ ਉਨ੍ਹਾਂ ਨੂੰ ਸਨਮਾਨ ਕੀਤਾ। ਇਸ ਮੌਕੇ ਮੱਧ ਪ੍ਰਦੇਸ਼ ਦੇ ਜੱਬਲਪੁਰ ਸਥਿਤ ਸ਼੍ਰੀ ਲਕਸ਼ਮੀ ਨਾਰਾਇਣ ਗਊ ਸੇਵਾ ਨਿਆਸ ਪੀਠ ਆਸ਼ਰਮ ਸੁਹਾਗੀ ਦੇ ਪੀਠਾਧੀਸ਼ਵਰ ਅਤੇ ਛੱਤਰਪੁਰ ਦੇ ਬਾਗੇਸ਼ਵਰ ਧਾਮ ਦੇ ਚੇਲੇ ਸ਼੍ਰੀ ਸ਼ਸ਼ਾਂਕ ਬਜਾਜ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਸੰਤ ਸ਼੍ਰੀ ਮਹੰਤ ਆਸ਼ੀਸ਼ ਦਾਸ ਨੇ ਕਿਹਾ ਕਿ "ਸ਼੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਸਾਡੇ ਲਈ ਅਨਮੋਲ ਅਤੇ ਆਤਮਿਕ ਤੌਰ 'ਤੇ ਵਿਲੱਖਣ ਅਨੁਭਵ ਹਨ। ਇਹ ਪਵਿੱਤਰ ਧਰਤੀ ਸਾਨੂੰ ਸਿਰਫ਼ ਸ਼ਾਂਤੀ ਅਤੇ ਸੇਵਾ ਦਾ ਸੰਦੇਸ਼ ਹੀ ਨਹੀਂ ਦਿੰਦੀ ਬਲਕਿ ਸਾਰੀਆਂ ਧਰਮ ਪ੍ਰਥਾਵਾਂ ਅਤੇ ਮਨੁੱਖਤਾ ਨੂੰ ਏਕਤਾ ਦੀ ਡੋਰ ਨਾਲ ਜੋੜਦੀ ਹੈ। ਗੁਰੂ ਸਾਹਿਬਾਨ ਦੀ ਬਾਣੀ ਸਾਨੂੰ ਸੱਚ, ਪ੍ਰੇਮ, ਨਿਮਰਤਾ ਅਤੇ ਸੇਵਾ ਦੇ ਰਾਹ 'ਤੇ ਤੁਰਨ ਲਈ ਪ੍ਰੇਰਿਤ ਕਰਦੀ ਹੈ।" ਉਨ੍ਹਾਂ ਕਿਹਾ ਕਿ ਇਸ ਯਾਤਰਾ ਰਾਹੀਂ ਉਨ੍ਹਾਂ ਨੇ ਸਿੱਖ ਧਰਮ ਦੀ ਮਹਾਨ ਵਿਰਾਸਤ ਨੂੰ ਨਜ਼ਦੀਕ ਤੋਂ ਅਨੁਭਵ ਕੀਤਾ ਹੈ। ਉਨ੍ਹਾਂ 'ਪੀਸੀਟੀ ਹਿਊਮੈਨਿਟੀ' ਵੱਲੋਂ ਚਲਾਈਆਂ ਜਾ ਰਹੀਆਂ ਸਮਾਜ ਸੇਵਾ ਮੁਹਿੰਮਾਂ ਦੀ ਸ਼ਲਾਘਾ ਵੀ ਕੀਤੀ।

ਅੰਤਰਰਾਸ਼ਟਰੀ ਸਮਾਜ ਸੇਵੀ ਡਾ. ਜੋਗਿੰਦਰ ਸਿੰਘ ਸਲਾਰੀਆ ਨੇ ਕਿਹਾ ਕਿ 'ਪੀਸੀਟੀ ਹਿਊਮੈਨਿਟੀ' ਦਾ ਮਿਸ਼ਨ ਮਨੁੱਖਤਾ ਦੀ ਸੇਵਾ ਅਤੇ ਸਭ ਧਰਮਾਂ ਵਿਚਕਾਰ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਐਲਾਨ ਕੀਤਾ ਕਿ ਖ਼ਾਲਸਾ ਰਾਜ ਦੇ ਸੰਸਥਾਪਕ, ਮਹਾਨ ਸਿੱਖ ਸੈਨਾਪਤੀ ਅਤੇ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ (ਬੰਦਾ ਬੈਰਾਗੀ) ਦੇ ਜਨਮ ਸਥਾਨ ਰਾਜੌਰੀ ਲਈ ਧਾਰਮਿਕ ਯਾਤਰਾ 26 ਸਤੰਬਰ ਸਵੇਰੇ 7 ਵਜੇ ਪਠਾਨਕੋਟ ਤੋਂ ਰਵਾਨਾ ਹੋਵੇਗੀ। ਇਹ ਯਾਤਰਾ ਕਈ ਇਤਿਹਾਸਕ ਗੁਰਦੁਆਰਿਆਂ ਤੋਂ ਲੰਘਦੀ ਹੋਈ ਰਾਜੌਰੀ ਪਹੁੰਚੇਗੀ, ਜਿੱਥੇ ਸਥਾਨਕ ਸੰਗਤ ਅਤੇ ਸ਼ਖ਼ਸੀਅਤਾਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਜਾਵੇਗਾ।

**ਬਾਬਾ ਬੰਦਾ ਸਿੰਘ ਬਹਾਦਰ ਦੇ ਜਨਮ ਸਥਾਨ ਰਾਜੌਰੀ (ਜੰਮੂ-ਕਸ਼ਮੀਰ) ਲਈ ਧਾਰਮਿਕ ਯਾਤਰਾ 26 ਸਤੰਬਰ ਨੂੰ ਪਠਾਨਕੋਟ ਤੋਂ ਹੋਵੇਗੀ ਰਵਾਨਾ: ਡਾ. ਜੋਗਿੰਦਰ ਸਿੰਘ ਸਲਾਰੀਆ**

27 ਸਤੰਬਰ ਨੂੰ ਗੁਰਦੁਆਰਾ ਜਨਮ ਸਥਾਨ ਬਾਬਾ ਬੰਦਾ ਸਿੰਘ ਬਹਾਦਰ ਸਾਹਿਬ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾਵੇਗਾ। ਸਥਾਨਕ ਸੰਗਤ ਅਤੇ ਪ੍ਰਬੰਧਕ ਉਸ ਮਹਾਨ ਯੋਧੇ ਦੀ ਅਮੋਲਕ ਸ਼ਹਾਦਤ ਨੂੰ ਯਾਦ ਕਰਨਗੇ। 28 ਸਤੰਬਰ ਸਵੇਰੇ 8 ਵਜੇ ਇਹ ਯਾਤਰਾ ਰਾਜੌਰੀ ਤੋਂ ਪਠਾਨਕੋਟ ਵਾਪਸੀ ਨਾਲ ਸੰਪੂਰਨ ਹੋਵੇਗੀ।

ਡਾ. ਸਲਾਰੀਆ ਨੇ ਕਿਹਾ ਕਿ, "ਇਹ ਮੇਰੇ ਲਈ ਬਹੁਤ ਖ਼ੁਸ਼ੀ ਅਤੇ ਆਤਮਿਕ ਸੰਤੋਖ ਦੀ ਗੱਲ ਹੈ ਕਿ ਅਸੀਂ ਸੰਗਤ ਨੂੰ ਉਸ ਪਵਿੱਤਰ ਧਰਤੀ 'ਤੇ ਲੈ ਕੇ ਜਾ ਰਹੇ ਹਾਂ ਜਿੱਥੇ ਬਾਬਾ ਬੰਦਾ ਸਿੰਘ ਬਹਾਦਰ ਵਰਗਾ ਮਹਾਨ ਯੋਧੇ ਨੇ ਜਨਮ ਲਿਆ। ਜਿਨ੍ਹਾਂ ਨੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਹੁਕਮ 'ਤੇ ਮੁਗ਼ਲ ਸਾਮਰਾਜ ਦੀਆਂ ਬੁਨਿਆਦਾਂ ਹਿਲਾ ਦਿੱਤੀਆਂ, ਜ਼ੁਲਮ ਦੇ ਕਿਲ੍ਹੇ ਢਾਹੇ ਅਤੇ ਲੋਕਾਂ ਨੂੰ ਨਿਆਂ ਦਾ ਰਾਜ ਦੇ ਕੇ ਸਿੱਖੀ ਦੇ ਝੰਡੇ ਨੂੰ ਹੋਰ ਬੁਲੰਦ ਕੀਤਾ। ਉਨ੍ਹਾਂ ਕਿਹਾ ਕਿ ਦਸਮੇਸ਼ ਪਿਤਾ ਨੇ ਸਾਡੇ ਲਈ ਆਪਣਾ ਸਰਬੰਸ ਵਾਰ'ਤਾ ਸੀ ਇਸੇ ਤਰ੍ਹਾਂ ਆਪਣੇ ਪੁੱਤਰ ਭਾਈ ਅਜੈ ਸਿੰਘ, ਜਿਸ ਨੂੰ ਹਾਕਮ ਵੱਲੋਂ ਬੇ ਰਹਿਮੀ ਨਾਲ ਸ਼ਹੀਦ ਕਰਦਿਆਂ ਉਹਦਾ ਕਲੇਜਾ ਕੱਢ ਕੇ ਬਾਬਾ ਬੰਦਾ ਸਿੰਘ ਬਹਾਦਰ ਦੇ ਮੂੰਹ 'ਚ ਪਵਾਇਆ ਗਿਆ। ਇਸ ਤਰਾਂ ਉਹਨਾਂ ਨੇ ਆਪਣੇ ਪੁੱਤਰ ਅਜੈ ਸਿੰਘ ਦੀ ਲਾਸਾਨੀ ਸ਼ਹਾਦਤ ਦੇ ਕੇ ਮਨੁੱਖਤਾ ਅਤੇ ਗੁਰੂ ਸਾਹਿਬ ਦੇ ਮਿਸ਼ਨ ਨੂੰ ਅੱਗੇ ਵਧਾਇਆ।

ਡਾ. ਸਲਾਰੀਆ ਨੇ ਕਿਹਾ ਕਿ, "ਬਾਬਾ ਬੰਦਾ ਸਿੰਘ ਬਹਾਦਰ ਦੀ ਜ਼ਿੰਦਗੀ ਸਾਡੇ ਲਈ ਪ੍ਰੇਰਣਾ ਸਰੋਤ ਹੈ। ਇੱਕ ਰਾਜਪੂਤ ਛਤਰੀ ਹੋਣ ਦੇ ਨਾਤੇ ਮੈਨੂੰ ਫ਼ਖਰ ਹੈ ਕਿ 'ਬੰਦਾ ਬੈਰਾਗੀ' ਨੇ ਇਨਸਾਨੀਅਤ ਅਤੇ ਗੁਰੂ ਦੇ ਮਿਸ਼ਨ ਲਈ ਮਹਾਨ ਸ਼ਹੀਦੀ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਘਰਾਂ 'ਚ ਬੰਦਾ ਸਿੰਘ ਬਹਾਦਰ ਜਿਹੇ ਯੋਧੇ ਪੈਦਾ ਕਰਨੇ ਹਨ ਤਾਂ ਉਨ੍ਹਾਂ ਦੇ ਜਨਮ ਸਥਾਨ 'ਤੇ ਜਾ ਕੇ ਆਪਣੇ ਬਚਿਆਂ ਨੂੰ ਗੁੜ੍ਹਤੀ ਦੇਣੀ ਚਾਹੀਦੀ ਹੈ।

"ਮੈਂ ਸਾਰੀ ਸੰਗਤਾਂ ਨੂੰ ਬੇਨਤੀ ਕਰਦਾ ਹਾਂ ਕਿ ਆਪਣੇ ਬੱਚਿਆਂ ਨੂੰ ਉਸ ਪਵਿੱਤਰ ਧਰਤੀ ਨਾਲ ਜੋੜੋ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਵਿੱਚ ਵੀ ਉਹੀ ਵੀਰਤਾ, ਸ਼ਹਾਦਤ ਅਤੇ ਗੁਰੂ-ਭਗਤੀ ਦੀ ਭਾਵਨਾ ਜੀਵਿਤ ਰਹੇ।"

ਡਾ. ਸਲਾਰੀਆ ਨੇ ਹੋਰ ਕਿਹਾ ਕਿ ਇਹ ਯਾਤਰਾ ਕੇਵਲ ਦਰਸ਼ਨ ਕਰਨ ਲਈ ਨਹੀਂ, ਸਗੋਂ ਸਾਡੇ ਮਨਾਂ ਨੂੰ ਆਪਣੀ ਵਿਰਾਸਤ, ਸ਼ਹੀਦਾਂ ਦੀਆਂ ਕੁਰਬਾਨੀਆਂ, ਸਿੱਖ ਇਤਿਹਾਸ ਅਤੇ ਦੇਸ਼ ਦੀ ਏਕਤਾ ਅਖੰਡਤਾ ਨਾਲ ਜੋੜਨ ਦਾ ਇਕ ਉੱਚਾ ਤੇ ਸੁੱਚਾ ਯਤਨ ਹੈ। ਇਹ ਯਾਤਰਾ ਸੰਗਤਾਂ ਦੇ ਮਿਲਾਪ, ਸੇਵਾ-ਸੰਸਕਾਰ ਅਤੇ ਗੁਰੂ-ਪ੍ਰੇਮ ਦੀਆਂ ਖ਼ੁਸ਼ੀਆਂ ਨੂੰ ਵਧਾਉਣ ਵਾਲੀ ਸਾਬਤ ਹੋਵੇਗੀ। ਉਹਨਾਂ ਨੇ ਸੰਗਤਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਪਵਿੱਤਰ ਯਾਤਰਾ ਦਾ ਹਿੱਸਾ ਬਣ ਕੇ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਸ਼ਹਾਦਤਾਂ ਨੂੰ ਯਾਦ ਕਰਨ ਅਤੇ ਆਪਣੀ ਨੌਜਵਾਨ ਪੀੜ੍ਹੀ ਨੂੰ ਸਿੱਖ ਵਿਰਾਸਤ ਨਾਲ ਜੋੜਨ ਦੀ ਅਪੀਲ ਕੀਤੀ। ਯਾਤਰਾ ਦੇ ਪ੍ਰਬੰਧਕ ਜਥੇਦਾਰ ਗੁਰਮਿੰਦਰ ਸਿੰਘ ਚਾਵਲਾ ਨੇ ਦੱਸਿਆ ਕਿ ਸੰਗਤਾਂ ਦੀ ਸੁਵਿਧਾ ਲਈ ਲੋੜੀਂਦੇ ਉੱਤਮ ਪ੍ਰਬੰਧ ਕੀਤੇ ਗਏ ਹਨ।

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਪਿੰਡ ਉਡਤ ਭਗਤ ਰਾਮ ਅਤੇ ਪਿੰਡ ਲਹਿਰੀ ਜ਼ਿਲਾ ਮਾਨਸਾ ਵਿਖੇ 2 ਹੋਰ ਸਿਖਲਾਈ ਸਿਲਾਈ ਕੈਂਪਾਂ ਦਾ ਉਦਘਾਟਨ ਕੀਤਾ ਗਿਆ



**ਮਾਨਸਾ, 25 ਸਤੰਬਰ (ਆਵਾਜ਼ਿ ਕੌਮ ਬਿਊਰੋ)**-24 ਸਤੰਬਰ 2025-ਰਸ਼ਪਿੰਦਰ ਕੌਰ ਗਿੱਲ-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਔਰਤਾਂ ਨੂੰ ਸਮਾਜਿਕ ਅਤੇ ਆਰਥਿਕ ਪੱਧਰ ਉੱਤੇ ਮਜ਼ਬੂਤ ਕਰਨ ਲਈ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਤਿੰਨ ਮਹੀਨੇ ਦੇ ਸਿਖਲਾਈ ਕੈਂਪਾਂ ਦੀ ਮੁਹਿੰਮ ਚਲਾ ਰਿਹਾ ਹੈ। ਇਸੇ ਤਹਿਤ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਪਿੰਡ ਉਡਤ ਭਗਤ ਰਾਮ ਅਤੇ ਪਿੰਡ ਲਹਿਰੀ ਜ਼ਿਲਾ ਮਾਨਸਾ ਵਿਖੇ ਸਿਲਾਈ ਕੈਂਪਾਂ ਦੀ ਕੀਤੀ ਗਈ ਸ਼ੁਰੂਆਤ। ਇੰਨਾਂ ਦੋਨਾਂ ਕੈਂਪਾਂ ਦੀ ਟ੍ਰੇਨਰ ਬੀਬੀ ਦਰਸ਼ਨ ਕੌਰ ਜੀ ਹਨ। ਇਸ ਕੈਂਪ ਦੇ ਉਦਘਾਟਨ ਸਮੇਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਮਾਨਸਾ ਦੀ ਜਥੇਬੰਦੀ ਦੇ ਬੀਬੀ ਪ੍ਰਦੀਪ ਕੌਰ ਸਿੱਧੂ ਜੀ ਮੈਂਬਰ, ਬਲਵੀਰ ਸਿੰਘ ਜੀ ਜ਼ਿਲਾ ਪ੍ਰਧਾਨ, ਜੋਗਿੰਦਰ ਸਿੰਘ ਬੋਹਾ, ਜਗਸੀਰ ਸਿੰਘ ਜੋਗਾ, ਲਵਦੀਪ ਸਿੰਘ, ਸੁਖਮਨ ਸਿੰਘ, ਜਿੰਦਰ ਸਿੰਘ ਜੀ ਮੌਜੂਦ ਸਨ। ਪਾਰਟੀ ਦੇ ਆਗੂਆਂ ਨੇ ਸਿਖਲਾਈ ਲੈਣ ਆਈਆਂ ਬੱਚੀਆਂ ਨੂੰ ਹੱਥੀਂ ਕੰਮ ਸਿੱਖ ਕੇ ਆਪਣੇ ਆਪ ਨੂੰ ਮਾਨਸਿਕ ਅਤੇ ਆਰਥਿਕ ਪੱਖੋਂ ਮਜ਼ਬੂਤ ਹੋਣ ਲਈ ਪ੍ਰੇਰਿਤ ਕੀਤਾ। ਇੰਨਾਂ ਸਿਖਲਾਈ ਕੈਂਪਾਂ ਰਾਹੀਂ ਤਿੰਨ ਮਹੀਨੇ ਸਿਲਾਈ ਅਤੇ ਕਢਾਈ ਦੀ ਸਿਖਲਾਈ ਦਿੱਤੀ ਜਾਏਗੀ। ਤਿੰਨ ਮਹੀਨੇ ਦੇ ਇਸ ਕੈਂਪ ਦੇ ਅੰਤ ਉੱਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਤਿੰਨ ਮਹੀਨੇ ਦਾ ਕੋਰਸ ਕਰਣ ਵਾਲੀਆਂ ਬੀਬੀਆਂ ਨੂੰ ਅਤੇ ਕੈਂਪ ਚਲਾਉਣ ਵਾਲੀ ਬੀਬੀਆਂ ਨੂੰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਯਾਦਗਿਰੀ certificate ਵੀ ਦਿੱਤਾ ਜਾਏਗਾ। ਪਾਰਟੀ ਵੱਲੋਂ ਲਗਾਏ ਜਾ ਰਹੇ ਇੰਨਾਂ ਸਾਰੇ ਕੈਂਪਾਂ ਦੀ ਜ਼ਿੰਮੇਵਾਰੀ ਰਸ਼ਪਿੰਦਰ ਕੌਰ ਗਿੱਲ ਜਨਰਲ ਸਕੱਤਰ ਪੰਜਾਬ ਇਸਤਰੀ ਵਿੰਗ ਦੀ ਰਹੇਗੀ। ਸਿਖਲਾਈ ਕੈਂਪਾਂ ਬਾਰੇ ਵਧੇਰੇ ਜਾਣਕਾਰੀ ਲਈ ਰਸ਼ਪਿੰਦਰ ਕੌਰ ਗਿੱਲ ਜੀ ਨਾਲ ?+91-9888697078 ? -ਸੰਪਰਕ ਕੀਤਾ ਜਾ ਸਕਦਾ ਹੈ।

# ਭਵਾਨੀਗੜ ਖੇਤਰ ਵਿੱਚ ਲੁੱਟ/ਖੋਹ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼, 02 ਦੋਸ਼ੀ ਕਾਬੂ

## ਲੁੱਟੇ 1,69,500/- ਰੁਪਏ ਨਕਦ, ਫੋਨ, ਹਥਿਆਰ ਤੇ ਮੋਟਰਸਾਇਕਲ ਅਤੇ 36.25 ਗ੍ਰਾਮ ਹੈਰੋਇਨ ਬ੍ਰਾਮਦ

ਭਵਾਨੀਗੜ੍ਹ/ਸੰਗਰੂਰ,( ਰਣਜੀਤ ਸਿੰਘ ਪੇਧਨੀ )- ਸ੍ਰੀ ਸਰਤਾਜ ਸਿੰਘ ਚਾਹਲ, ਐਸ.ਐਸ.ਪੀ. ਸੰਗਰੂਰ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਭਵਾਨੀਗੜ ਦੇ ਏਰੀਆ ਵਿੱਚ ਲੁੱਟ/ਖੋਹ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕਰਕੇ ਮੁਕੱਦਮਾ ਟਰੇਸ ਕਰਕੇ ਲੁੱਟ ਕੀਤੇ 1,69,500/- ਰੁਪਏ, 01 ਮੋਟਰਸਾਇਕਲ, 36.25 ਗ੍ਰਾਮ ਹੈਰੋਇਨ ਅਤੇ ਲੁੱਟ ਕੀਤੀ ਰਕਮ ਵਿੱਚੋਂ ਖਰੀਦ ਕੀਤਾ ਆਈਫੋਨ ਪਰੋ ਬ੍ਰਾਮਦ ਕਰਕੇ 02 ਦੋਸੀਆਂ ਨੂੰ ਕਾਬੂ ਕੀਤਾ ਗਿਆ। ਸ੍ਰੀ ਚਾਹਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 01.09.2025 ਦੀ ਰਾਤ ਨੂੰ 03 ਨਾਮਲੂਮ ਦੋਸ਼ੀਆਂ ਵੱਲੋਂ ਡਾਕਟਰ ਵਿਕਰਮਪਾਲ ਸਿੰਘ ਪੁੱਤਰ ਹਰਵਿੰਦਰ ਸਿੰਘ ਵਾਸੀ ਕੁਆਟਰ ਨੰਬਰ 01 ਸਿਵਲ ਹਸਪਤਾਲ ਭਵਾਨੀਗੜ ਦੇ ਘਰੋਂ ਲੁੱਟ ਕਰ ਕੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਮੌਕਾ ਤੋਂ ਭੱਜ ਗਏ ਸਨ। ਜਿਸ ਤੇ ਮੁਕੱਦਮਾ ਨੰਬਰ 214 ਮਿਤੀ 01.09.2025 ਅ/ਧ 309(6),331(6),115(2), 351(2), 3(5) BNS ਥਾਣਾ ਭਵਾਨੀਗੜ ਬਰਖਿਲਾਫ ਨਾਮਲੂਮ ਵਿਅਕਤੀਆਂ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।



ਮੁਕੱਦਮਾ ਨੂੰ ਟਰੇਸ ਕਰਨ ਲਈ ਸ੍ਰੀ ਦਵਿੰਦਰ ਅੱਤਰੀ, ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਸੰਗਰੂਰ ਦੀ ਅਗਵਾਈ ਹੇਠ ਸ੍ਰੀ ਦਲਜੀਤ ਸਿੰਘ ਵਿਰਕ, ਉਪ ਕਪਤਾਨ ਪੁਲਿਸ (ਡਿਟੈਕਟਿਵ) ਸੰਗਰੂਰ, ਸ੍ਰੀ ਰਾਹੁਲ ਕੌਸ਼ਲ, ਉਪ ਕਪਤਾਨ ਪੁਲਿਸ ਸਬ ਡਵੀਜਨ ਭਵਾਨੀਗੜ, ਇੰਸਪੈਕਟਰ ਸੰਦੀਪ ਸਿੰਘ, ਇੰਚਾਰਜ ਸੀ.ਆਈ.ਏ ਅਤੇ ਥਾਣੇਦਾਰ ਅਵਤਾਰ ਸਿੰਘ, ਮੁੱਖ ਅਫਸਰ ਥਾਣਾ ਭਵਾਨੀਗੜ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਟੈਕਨੀਕਲ ਢੰਗ ਨਾਲ ਕਾਰਵਾਈ ਕਰਦੇ ਹੋਏ ਮੁਕੱਦਮਾ ਨੂੰ ਟਰੇਸ ਕਰਕੇ ਮਿਤੀ 05.09.2025 ਨੂੰ ਦੋਸੀ ਧਰਮਪ੍ਰੀਤ ਸਿੰਘ ਪੁੱਤਰ ਰਜਿੰਦਰ ਸਿੰਘ ਵਾਸੀ ਕਾਕੂਵਾਲਾ ਅਤੇ ਕੁਲਵਿੰਦਰ ਸਿੰਘ ਪੁੱਤਰ ਦਰਸਨ ਸਿੰਘ ਵਾਸੀ ਦੀਵਾਨਗੜ ਕੈਂਪਰ (ਥਾਣਾ ਦਿੜਬਾ) ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 1,69,500/- ਰੁਪਏ ਨਗਦ, ਲੁੱਟ ਕੀਤੀ ਰਕਮ ਵਿੱਚੋਂ ਖਰੀਦ ਕੀਤਾ ਆਈ ਫੋਨ ਪਰੋ, ਵਾਰਦਾਤ ਸਮੇਂ ਵਰਤੇ ਹਥਿਆਰ ਤੇ ਮੋਟਰਸਾਇਕਲ ਨੰਬਰ ♦2 131✓ 5393 ਮਾਰਕਾ ਸਪਲੈਂਡਰ ਅਤੇ 36.25 ਗ੍ਰਾਮ ਹੈਰੋਇਨ ਬ੍ਰਾਮਦ ਕਰਵਾਈ ਗਈ ਤੇ ਮੁਕੱਦਮਾ ਵਿੱਚ ਜੁਰਮ 21/61/85 ਐਨ.ਡੀ.ਪੀ.ਐਸ ਐਕਟ ਦਾ ਵਾਧਾ ਕੀਤਾ ਗਿਆ। ਫਿਰ ਮਿਤੀ 08.09.2025 ਨੂੰ ਮੁਕੱਦਮਾ ਉਕਤ ਦੇ ਤੀਜੇ ਦੋਸ਼ੀ ਜਗਜੀਤ ਸਿੰਘ ਉਰਫ ਜੱਗੀ ਪੁੱਤਰ ਜਗਤਾਰ ਸਿੰਘ ਵਾਸੀ ਕਾਕੂਵਾਲਾ ਨੂੰ ਮੁਕੱਦਮਾਂ ਹਜਾ ਵਿੱਚ ਹਸਬ ਜਾਬਤਾ ਗ੍ਰਿਫਤਾਰ ਕੀਤਾ ਗਿਆ। ਮੁਕੱਦਮਾ ਦੀ ਤਫਤੀਸ਼ ਜਾਰੀ ਹੈ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਫ਼ਸਲੀ ਵਿਭਿੰਨਤਾ ਦੀ ਮਹੱਤਤਾ ਅਤੇ ਝੋਨੇ ਦੀ ਪਰਾਲੀ ਨੂੰ ਬਗੈਰ ਅੱਗ ਲਗਾਏ ਖੇਤ ਵਿੱਚ ਹੀ

# ਸੰਭਾਲ ਸਬੰਧੀ ਪਿੰਡ ਰੋਗਲਾ ਵਿਖੇ ਜਾਗਰੂਕਤਾ ਕੈਂਪ ਦਾ ਆਯੋਜਨ



**ਵਾਢੀ ਤੋਂ ਬਾਅਦ ਖੇਤ ਦੀ ਮਿੱਟੀ ਚੈੱਕ ਕਰਾਉਣ ਅਤੇ ਮਿੱਟੀ ਪਰਖ ਲਈ ਨਮੂਨਾ ਲੈਣ ਦੇ ਢੰਗ ਬਾਰੇ ਵੀ ਦੱਸਿਆ**

ਸੰਗਰੂਰ ( ਰਣਜੀਤ ਸਿੰਘ ਪੇਧਨੀ )- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਵੱਲੋਂ ਪਿੰਡ ਰੋਗਲਾ ਵਿਖੇ ਫ਼ਸਲੀ ਵਿਭਿੰਨਤਾ ਦੀ ਮਹੱਤਤਾ ਬਾਰੇ ਅਤੇ ਝੋਨੇ ਦੀ ਪਰਾਲੀ ਨੂੰ ਬਗੈਰ ਅੱਗ ਲਗਾਏ ਖੇਤ ਵਿੱਚ ਹੀ ਸੰਭਾਲ ਸਬੰਧੀ ਜਾਗਰੂਕਤਾ ਕੈਂਪ ਲਗਾਇਆ ।ਕੈਂਪ ਵਿੱਚ ਪਿੰਡ ਦੇ ਅਗਾਂਹਵਧੂ 50 ਤੋਂ ਵੱਧ ਕਿਸਾਨਾਂ ਨੇ ਵੱਧ ਚੜ ਕੇ ਹਿੱਸਾ ਲਿਆ। ਕੈਂਪ ਦੀ ਅਗਵਾਈ ਕਰਦੇ ਹੋਏ ਡਾ. ਅਸ਼ੋਕ ਕੁਮਾਰ, ਜ਼ਿਲ੍ਹਾ ਪਸਾਰ ਵਿਗਿਆਨੀ ਨੇ ਪਹਿਲਾਂ ਫ਼ਸਲੀ ਵਿਭਿੰਨਤਾ ਬਾਰੇ ਦੱਸਦੇ ਹੋਏ ਕਿਹਾ ਕਿ ਹਾੜ੍ਹੀ ਵਿੱਚ ਕਣਕ ਤੋਂ ਇਲਾਵਾ ਸਰ੍ਹੋਂ, ਛੋਲੇ ਆਦਿ ਨਿਰੋਲ ਬੀਜੇ ਜਾ ਸਕਦੇ ਹਨ ।ਸਰ੍ਹੋਂ ਦੀ ਅੰਤਰਰਾਸ਼ਟਰੀ ਪੱਧਰ ਦੀ ਕਨੋਲਾ ਕੁਆਲਿਟੀ ਦੀ ਕਿਸਮ ਜੀ ਐੱਸ ਸੀ 7 ਬਾਰੇ ਦੱਸਦਿਆਂ ਉਹਨਾਂ ਕਿਹਾ ਕਿ ਕੈਨੋਲਾ ਕਿਸਮਾਂ ਦੇ ਤੇਲ ਵਿੱਚ 2% ਤੋਂ ਘੱਟ ਇਰੂਸਿਕ ਐਸਿਡ ਹੁੰਦਾ ਹੈ ਅਤੇ ਖਲ ਵਿੱਚ 30 ਮਾਈਕ੍ਰੋ ਮੋਲ ਪ੍ਰਤੀ ਗ੍ਰਾਮ ਤੋਂ ਘੱਟ ਗਲੂਕੋਸਿਨੋਲੇਟਸ ਹੁੰਦੇ ਹਨ। ਜਿਆਦਾ ਇਰੂਸਿਕ ਐਸਿਡ ਵਾਲੇ ਤੇਲ ਦੀ ਵਰਤੋਂ ਨਾਲ ਨਾੜਾਂ ਦੇ ਮੋਟੇ ਹੋਣ ਕਾਰਨ ਦਿਲ ਦੇ ਰੋਗਾਂ ਦੇ ਵਧਣ ਦੀ ਸੰਭਾਵਨਾ ਹੁੰਦੀ ਹੈ। ਇਸ ਕਿਸਮ ਦਾ ਔਸਤ ਝਾੜ 8.9 ਕੁਇੰਟਲ/ਏਕੜ ਅਤੇ ਤੇਲ ਦੀ ਮਾਤਰਾ 40.5% ਹੈ। ਇਸੇ ਤਰ੍ਹਾਂ ਛੋਲਿਆਂ ਨੂੰ ਵੀ ਫ਼ਸਲੀ ਵਿਭਿੰਨਤਾ ਵਿੱਚ ਸ਼ਾਮਲ ਕੀਤਾ ਜਾ ਸਕਦਾ ਹੈ ਅਤੇ ਪੀ.ਏ.ਯੂ ਵੱਲੋਂ ਸੇਜੂ ਹਾਲਾਤਾਂ ਵਿੱਚ ਛੋਲਿਆਂ ਦੀਆਂ ਦੀਆਂ ਸਿਫਾਰਿਸ਼ ਕਿਸਮਾਂ ਜਿਵੇਂ ਕਿ ਪੀ.ਬੀ.ਜੀ. 10, ਪੀ.ਬੀ.ਜੀ. 8 ਆਦਿ ਨੂੰ ਬੀਜਿਆ ਜਾ ਸਕਦਾ ਹੈ। ਡਾ. ਅਸ਼ੋਕ ਕੁਮਾਰ ਨੇ ਝੋਨੇ ਦੀ ਪਰਾਲੀ ਦੇ ਖੇਤ ਵਿੱਚ ਹੀ ਪ੍ਰਬੰਧਨ ਲਈ ਹੈਪੀਸੀਡਰ, ਸੁਪਰ ਸੀਡਰ, ਪੀ ਏ ਯੂ ਸਮਾਰਟ ਸੀਡਰ ਅਤੇ ਸਰਫੇਸ ਸੀਡਿੰਗ-ਕਮ-ਮਲਚਿੰਗ ਵਿਧੀ ਨਾਲ ਕਣਕ ਦੀ ਬਿਜਾਈ ਕਰਨ ਬਾਰੇ ਵਿਸਥਾਰਪੂਰਵਕ ਦੱਸਿਆ। ਉਨ੍ਹਾਂ ਨੇ ਝੋਨੇ ਅਤੇ ਬਾਸਮਤੀ ਦੇ ਕੀੜਿਆਂ ਅਤੇ ਬਿਮਾਰੀਆਂ ਜਿਵੇਂ ਕਿ ਪੱਤਾ ਲਪੇਟ ਸੁੰਡੀ, ਸ਼ੀਥ ਬਲਾਈਟ ਅਤੇ ਬਲਾਸਟ ਦੇ ਪ੍ਰਬੰਧਨ ਲਈ ਨਵੀਆਂ ਸਿਫ਼ਾਰਸ਼ਾਂ ਬਾਰੇ ਗੱਲ ਕੀਤੀ। ਉਹਨਾਂ ਕਿਸਾਨਾਂ ਨੂੰ ਸਾਉਣੀ ਦੀ ਫ਼ਸਲ ਦੀ ਵਾਢੀ ਤੋਂ ਬਾਅਦ ਆਪਣੇ ਖੇਤ ਦੀ ਮਿੱਟੀ ਚੈੱਕ ਕਰਾਉਣ ਲਈ ਪ੍ਰੇਰਿਤ ਕੀਤਾ ਅਤੇ ਮਿੱਟੀ ਪਰਖ ਲਈ ਨਮੂਨਾ ਲੈਣ ਦੇ ਢੰਗ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਮਿੱਟੀ ਦੀ ਜੈਵਿਕ ਸਿਹਤ ਸੁਧਾਰਨ ਲਈ ਅਗਲੀ ਹਾੜੀ ਵਿੱਚ ਬੀਜੀ ਜਾਣ ਵਾਲੀ ਕਣਕ ਨੂੰ ਲੱਗਣ ਵਾਲੇ ਜੈਵਿਕ ਟੀਕੇ (ਕੰਨਸ਼ੋਰਸ਼ੀਅਮ) ਦੇ ਫਾਇਦਿਆਂ ਬਾਰੇ ਦੱਸਿਆ ।ਉਹਨਾਂ ਅੱਗੇ ਹਾੜੀ ਦੀਆਂ ਮੁੱਖ ਫਸਲਾਂ ਵਿੱਚ ਸੁਚੱਜੇ ਖੁਰਾਕ ਪ੍ਰਬੰਧਨ ਬਾਰੇ ਵਿਚਾਰ ਸਾਂਝੇ ਕੀਤੇ। ਕਿਸਾਨਾਂ ਨੂੰ ਹਾੜ੍ਹੀ ਵਿੱਚ ਬੀਜੀਆਂ ਜਾਣ ਵਾਲੀਆਂ ਕਣਕ ਦੀਆਂ ਸਿਫਾਰਿਸ਼ ਕਿਸਮਾਂ ਖਾਸ ਤੌਰ ਤੇ ਸ਼ੂਗਰ ਵਾਲੀ ਕਿਸਮ ਆਰ ਐਸ 1 ਅਤੇ ਪੀ ਬੀ ਡਬਲਯੂ ਬਿਸਕਿਟ 1 ਕਿਸਮ ਆਦਿ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ।ਘਰੇਲੂ ਬਗੀਚੀ ਦੀ ਮਹੱਤਤਾ ਨੂੰ ਮੁੱਖ ਰੱਖਦੇ ਹੋਏ ਉਹਨਾਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਤਿਆਰ ਸਰਦੀ ਰੁੱਤ ਦੀਆਂ ਸਬਜ਼ੀ ਦੀਆਂ ਕਿੱਟਾਂ ਬਾਰੇ ਚਾਨਣਾ ਪਾਇਆ ਅਤੇ ਸੇਲ ਵਾਸਤੇ ਵੀ ਉਪਲਬਧ ਕਰਵਾਇਆ ਗਿਆ ।ਇਸ ਮੌਕੇ ਸਰ੍ਹੋਂ ਦੀ ਜੀ ਐੱਸ ਸੀ 7 ਕਿਸਮ ਦੇ ਬੀਜ ਦੀ ਵਿੱਕਰੀ ਵੀ ਕੀਤੀ ਗਈ ।ਇਸ ਦੇ ਨਾਲ ਹੀ ਪੀਏਯੂ ਲੁਧਿਆਣਾ ਵਲੋਂ ਹਾੜ੍ਹੀ ਰੁੱਤ ਲਈ ਲਗਾਏ ਜਾ ਰਹੇ ਕਿਸਾਨ ਮੇਲਿਆਂ ਦਾ ਪ੍ਰਚਾਰ ਵੀ ਕੀਤਾ ।ਇਸ ਮੌਕੇ ਤੇ ਸ. ਤਰਸੇਮ ਸਿੰਘ ਅਤੇ ਸ. ਮੱਖਣ ਸਿੰਘ ਨੇ ਕੈਂਪ ਲਗਾਉਣ ਵਿੱਚ ਪੂਰਾ ਸਹਿਯੋਗ ਦਿੱਤਾ ।ਅਖੀਰ ਵਿੱਚ ਸ. ਤਰਸੇਮ ਸਿੰਘ ਦੇ ਝੋਨੇ ਅਤੇ ਬਾਸਮਤੀ ਦੇ ਖੇਤਾਂ ਦਾ ਦੌਰਾ ਵੀ ਕੀਤਾ ਗਿਆ।

### ਸੱਸਾਂ ਅਤੇ ਨੂੰਹਾਂ ਵਿੱਚ ਫ਼ਰਕ ਨਹੀਂ ਕੀਤਾ ਜਾਂਦਾ, ਕਮਿਸ਼ਨ ਸਾਰਿਆਂ ਲਈ ਬਰਾਬਰ - ਚੇਅਰਪਰਸਨ ਪੰਜਾਬ ਰਾਜ ਮਹਿਲਾ ਕਮਿਸ਼ਨ

# ਕਮਿਸ਼ਨ ਔਰਤਾਂ ਦੇ ਅਧਿਕਾਰਾਂ ਦੀ ਰਾਖੀ ਲਈ ਵਚਨਵੱਧ -ਰਾਜ ਲਾਲੀ ਗਿੱਲ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਸ਼੍ਰੀਮਤੀ ਰਾਜ ਲਾਲੀ ਗਿੱਲ ਨੇ ਅੱਜ ਇੱਥੇ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਖੁੱਲ੍ਹਾ ਦਰਬਾਰ ਲਗਾ ਕੇ ਔਰਤਾਂ ਦੀਆਂ ਮੁਸ਼ਕਲਾਂ ਸੁਣੀਆਂ। ਇਸ ਖੁੱਲ੍ਹੇ ਦਰਬਾਰ ਵਿੱਚ ਜ਼ਿਲ੍ਹਾ ਸੰਗਰੂਰ ਅਤੇ ਮਾਲੇਰਕੋਟਲਾ ਨਾਲ ਸੰਬੰਧਿਤ ਕਮਿਸ਼ਨ ਕੋਲ ਚੱਲ ਰਹੇ 25 ਕੇਸਾਂ ਦੀ ਸੁਣਵਾਈ ਹੋਈ ਜਦਕਿ 10 ਨਵੇਂ ਕੇਸ ਵੀ ਇਸ ਜਨ ਸੁਣਵਾਈ ਦੌਰਾਨ ਆਏ। ਕੁੱਲ 35 ਕੇਸਾਂ ਵਿੱਚੋਂ 30 ਕੇਸਾਂ ਦਾ ਆਪਸੀ ਰਜ਼ਾਮੰਦੀ ਜਾਂ ਕਾਨੂੰਨੀ ਤਰੀਕੇ ਨਾਲ ਮੌਕੇ ਉੱਤੇ ਨਿਪਟਾਰਾ ਕੀਤਾ ਗਿਆ।

ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਇੱਥੇ ਇਹਨਾਂ ਕੇਸਾਂ ਦੀ ਸੁਣਵਾਈ ਕਰਦਿਆਂ ਜਾਂਚ ਅਧਿਕਾਰੀਆਂ ਨੂੰ ਕਾਨੂੰਨੀ ਦਾਇਰੇ ਵਿੱਚ ਰਹਿੰਦਿਆਂ ਜਲਦ ਤੋਂ ਜਲਦ ਜਾਂਚ ਮੁਕੰਮਲ ਕਰਨ ਅਤੇ ਪੀੜਿਤ ਧਿਰਾਂ ਨੂੰ ਇਨਸਾਫ ਦਿਵਾਇਆ ਜਾਣਾ ਯਕੀਨੀ ਬਣਾਉਣ ਦੀਆਂ ਸਖਤ ਹਦਾਇਤਾਂ ਕੀਤੀਆਂ।

ਪੱਤਰਕਾਰ ਸੰਮੇਲਨ ਦੌਰਾਨ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਕਮਿਸ਼ਨ ਕਿਸੇ ਵੀ ਕੇਸ ਵਿੱਚ ਸੱਸਾਂ ਜਾਂ ਨੂੰਹਾਂ ਵਿੱਚ ਫ਼ਰਕ ਨਹੀਂ ਕਰਦਾ, ਕਮਿਸ਼ਨ ਸਾਰਿਆਂ ਲਈ ਬਰਾਬਰ ਹੈ। ਹਰੇਕ ਫੈਸਲਾ ਸਿਰਫ ਮੈਰਿਟ ਦੇ ਅਧਾਰ ਉੱਤੇ ਹੀ ਕੀਤਾ ਜਾਂਦਾ ਹੈ। ਉਹਨਾਂ ਕਿਹਾ ਕਿ ਕਮਿਸ਼ਨ ਔਰਤਾਂ ਦੇ ਅਧਿਕਾਰਾਂ ਦੀ ਰਾਖੀ ਕਰਨ ਲਈ ਦ੍ਰਿੜਤਾ ਨਾਲ ਕੰਮ ਕਰ ਰਿਹਾ ਹੈ ਪਰ ਨਾਲ ਹੀ ਉਹਨਾਂ ਨੇ ਕਿਹਾ ਕਿ ਜਿੱਥੇ ਅਧਿਕਾਰ ਸਾਡਾ ਹੱਕ ਹਨ ਉਥੇ ਹੀ ਸਮਾਜ ਦੀ ਬਿਹਤਰੀ ਲਈ ਸਭ ਧਿਰਾਂ ਨੂੰ ਆਪਣੇ ਫਰਜ਼ਾਂ ਪ੍ਰਤੀ ਵੀ ਓਨਾ ਹੀ ਸੁਚੇਤ ਰਹਿਣਾ ਚਾਹੀਦਾ ਹੈ ।

ਉਹਨਾਂ ਆਖਿਆ ਕਿ ਮਹਿਲਾ ਕਮਿਸ਼ਨ ਵੱਲੋਂ ਵੱਖ-ਵੱਖ ਜਿਲ੍ਹਿਆਂ ਵਿੱਚ ਇਸ ਤਰ੍ਹਾਂ ਦੇ ਖੁੱਲ੍ਹੇ ਦਰਬਾਰ ਲਗਾਉਣ ਦਾ ਉਦੇਸ਼ ਇਹ ਹੈ ਕਿ ਔਰਤਾਂ ਨੂੰ ਸੁਣਵਾਈ ਲਈ ਕਮਿਸ਼ਨ ਦੇ ਮੁੱਖ ਦਫਤਰ ਤੱਕ ਚੱਲ ਕੇ ਆਉਣ ਦੀ ਦਿੱਕਤ ਨਾ ਹੋਵੇ ਅਤੇ ਉਹਨਾਂ ਦੇ ਘਰਾਂ ਦੇ ਨਜ਼ਦੀਕ ਹੀ ਇਸ ਤਰ੍ਹਾਂ ਦੀ ਸੁਣਵਾਈ ਹੋਣ ਨਾਲ ਉਹਨਾਂ ਨੂੰ ਵੱਡੀ ਸੌਖ ਹੁੰਦੀ ਹੈ। ਉਹਨਾਂ ਨੇ ਕਿਹਾ ਕਿ ਇਸ ਤਰ੍ਹਾਂ ਜਲਦੀ ਅਤੇ ਸੌਖਾ ਨਿਆਂ ਉਪਲਬਧ ਕਰਵਾਉਣਾ ਯਕੀਨੀ ਹੁੰਦਾ ਹੈ।

ਉਹਨਾਂ ਅੱਗੇ ਕਿਹਾ ਕਿ ਸਮਾਜ ਵਿੱਚ ਔਰਤ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ ਅਤੇ ਪੁਰਸ਼ਾਂ ਨੂੰ ਵੀ ਇਸ ਸੱਚ ਨੂੰ ਸਵੀਕਾਰ ਕਰਨਾ ਚਾਹੀਦਾ ਹੈ। ਉਹਨਾਂ ਨੇ ਕਿਹਾ ਕਿ ਔਰਤ ਘਰ ਨੂੰ ਬਚਾਉਣ ਲਈ ਹਰ ਹੀਲਾ ਵਰਤਦੀ ਹੈ ਪਰ ਇਸ ਦਾ ਇਹ ਅਰਥ ਨਹੀਂ ਕਿ ਉਸ ਉਤੇ ਕੋਈ ਅੱਤਿਆਚਾਰ ਹੋਵੇ ਅਤੇ ਫਿਰ ਵੀ ਉਹ ਚੁੱਪ ਰਹੇ। ਉਹਨਾਂ ਆਖਿਆ ਕਿ ਕਮਿਸ਼ਨ ਜਿੱਥੇ ਦੋਸ਼ੀਆਂ ਖ਼ਿਲਾਫ਼ ਕਾਰਵਾਈ ਹੋਣੀ ਯਕੀਨੀ ਬਣਾਉਂਦਾ ਹੈ ਉੱਥੇ ਇਹ ਵੀ ਕੋਸ਼ਿਸ਼ ਰਹਿੰਦੀ ਹੈ ਕਿ ਪਤੀ ਪਤਨੀ ਦੇ ਝਗੜਿਆਂ ਦਾ ਕੋਈ ਸਾਰਥਕ ਹੱਲ ਨਿਕਲੇ ਅਤੇ ਗੱਲ ਤਲਾਕ ਤੱਕ ਨਾ ਜਾਵੇ ।

ਉਹਨਾਂ ਆਖਿਆ ਕਿ ਕੋਈ ਵੀ ਪੀੜਿਤ ਔਰਤ ਕਮਿਸ਼ਨ ਤੱਕ ਪਹੁੰਚ ਕਰ ਸਕਦੀ ਹੈ। ਇਸ ਤੋਂ ਬਿਨਾਂ ਆਪਣੇ ਸਬੰਧਤ ਜ਼ਿਲ੍ਹੇ ਦੇ ਮਹਿਲਾ ਸੈੱਲ ਵਿੱਚ ਵੀ ਅਰਜ਼ੀ ਦਿੱਤੀ ਜਾਵੇ ਅਤੇ ਉਸਦੀ ਨਕਲ ਕਮਿਸ਼ਨ ਕੋਲ ਭੇਜ ਦਿੱਤੀ ਜਾਵੇ ਤਾਂ ਕਮਿਸ਼ਨ ਸ਼ਿਕਾਇਤ ਉਤੇ ਜਲਦੀ ਕਾਰਵਾਈ ਕਰਵਾਉਣੀ ਯਕੀਨੀ ਬਣਾਉਂਦਾ ਹੈ।

ਇਸ ਮੌਕੇ ਉਹਨਾਂ ਨੇ ਸਮਾਜ ਨੂੰ ਅਪੀਲ ਕੀਤੀ ਕਿ ਛੋਟੀਆਂ ਛੋਟੀਆਂ ਗੱਲਾਂ ਨਾਲ ਰਿਸ਼ਤਿਆਂ ਵਿੱਚ ਵਿਗਾੜ ਨਾ ਪਾਇਆ ਜਾਵੇ ਅਤੇ ਪਰਿਵਾਰਕ ਇਕਾਈ ਦੇ ਮਹੱਤਵ ਨੂੰ ਸਮਝਦਿਆਂ ਇੱਕ ਚੰਗੇ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਇਆ ਜਾਣਾ ਚਾਹੀਦਾ ਹੈ। ਇਸ ਮੌਕੇ ਐੱਸ ਪੀ (ਸਥਾਨਕ) ਸ੍ਰ ਦਿਲਪ੍ਰੀਤ ਸਿੰਘ, ਐਸਡੀਐਮ ਸ੍ਰ ਚਰਨਜੋਤ ਸਿੰਘ ਵਾਲੀਆ, ਜ਼ਿਲ੍ਹਾ ਪ੍ਰੋਗਰਾਮ ਅਫਸਰ ਰਿਤੇਂਦਰ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਪੁਖਰਾਜ ਹੈਲਥਕੇਅਰ ਪ੍ਰਾਈਵੇਟ ਲਿਮਿਟਡ ਕੰਪਨੀ ਵੱਲੋਂ ਪਲੇਸਮੈਂਟ ਕੈਂਪ 26 ਸਤੰਬਰ ਨੂੰ



ਸੰਗਰੂਰ( ਰਣਜੀਤ ਸਿੰਘ ਪੇਧਨੀ ) - ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵੱਲੋਂ ਪੁਖਰਾਜ ਹੈਲਥਕੇਅਰ ਪ੍ਰਾਈਵੇਟ ਲਿਮਿਟਡ ਕੰਪਨੀ ਨਾਲ ਤਾਲਮੇਲ ਕਰਕੇ ਮਿਤੀ 26 ਸਤੰਬਰ ਦਿਨ ਸ਼ੁੱਕਰਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਜਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਦਫ਼ਤਰ, ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਕੰਪਨੀ ਵੱਲੋਂ ਵੈਲਨੇਸ ਅਡਵਾਈਜਰ ਅਤੇ ਟ੍ਰੇਨਰ (ਕੇਵਲ ਲੜਕੀਆਂ ਲਈ) ਦੀ ਅਸਾਮੀਆਂ ਲਈ ਇੰਟਰਵਿਊ ਲਈ ਜਾਵੇਗੀ। ਜਿਸ ਲਈ ਪ੍ਰਾਰਥੀ ਦੀ ਵਿਦਿੱਅਕ ਯੋਗਤਾ 10ਵੀਂ, 12ਵੀਂ, ਗਰੈਜੂਏਟ ਪਾਸ ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਉਮਰ 18 ਤੋਂ 25 ਸਾਲ ਹੋਣੀ ਚਾਹੀਦੀ ਹੈ। ਚਾਹਵਾਨ ਅਤੇ ਯੋਗ ਪ੍ਰਾਰਥੀ ਰਜਿਊਮ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ ਅਤੇ ਡੀ.ਏ ਦੇਣ ਯੋਗ ਨਹੀਂ ਹੋਵੇਗਾ। ਵਧੇਰੇ ਜਾਣਕਾਰੀ ਲਈ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵਿਖੇ ਸੰਪਰਕ ਕਰ ਸਕਦੇ ਹਨ।

# ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਨਸ਼ਿਆਂ ਦੀ ਰੋਕਥਾਮ ਸੰਬੰਧੀ ਸੈਮੀਨਾਰ ਦਾ ਆਯੋਜਨ

### ਸਹਾਇਕ ਕਮਿਸ਼ਨਰ ਸਮੇਤ ਵੱਖ ਵੱਖ ਬੁਲਾਰਿਆਂ ਨੇ ਨੌਜਵਾਨਾਂ ਨੂੰ ਨਸ਼ੇ ਦੀ ਅਲਾਮਤ ਤੋਂ ਬਚਣ ਲਈ ਪ੍ਰੇਰਿਆ



**ਸੰਗਰੂਰ ( ਰਣਜੀਤ ਸਿੰਘ ਪੇਧਨੀ )** - ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਸੰਗਰੂਰ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਮੁਹਿੰਮ ਤਹਿਤ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮਿੰਨੀ ਆਡੀਟੋਰੀਅਮ ਵਿੱਚ ਨਸ਼ਿਆਂ ਦੀ ਰੋਕਥਾਮ ਸੰਬੰਧੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਇਸ ਵਿੱਚ ਵੱਖ-ਵੱਖ ਸਕੂਲਾਂ, ਕਾਲਜਾਂ ਅਤੇ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਸਟੇਜ ਸਕੱਤਰ ਅਮਰੀਕ ਸਿੰਘ ਨੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਕਰਵਾਏ ਇਹਨਾਂ ਸੈਮੀਨਾਰਾਂ ਬਾਰੇ ਜਾਣਕਾਰੀ ਦਿੱਤੀ, ਉਸ ਉਪਰੰਤ ਸਾਬਕਾ ਏਡੀਸੀ ਸੰਗਰੂਰ ਪ੍ਰੀਤਮ ਸਿੰਘ ਜੌਹਲ ਨੇ ਕਿਹਾ ਕਿ ਅੱਜ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਸਾਰੀਆਂ ਸਮਾਜਿਕ ਜਥੇਬੰਦੀਆਂ ਨੂੰ ਵੀ ਸਰਕਾਰ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨਾ ਚਾਹੀਦਾ ਹੈ, ਇਸ ਉਪਰੰਤ ਸਾਬਕਾ ਏਡੀਸੀ ਵਿਜੇ ਸਿਆਲ ਨੇ ਦੱਸਿਆ ਕਿ ਬਾਰਡਰ ਬੈਲਟ ਬਹੁਤ ਜਿਆਦਾ ਨਸ਼ਿਆਂ ਦੀ ਗ੍ਰਿਫਤ ਵਿੱਚ ਹੈ, ਇਸ ਉਪਰੰਤ ਸਮਾਜ ਸੇਵੀ ਮੋਹਨ ਸ਼ਰਮਾ ਨੇ ਆਪਣੇ ਭਾਸ਼ਣ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਣ ਦੇ ਲਈ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਤਰ੍ਹਾਂ ਦੀ ਮੁਹਿਮ ਚਲਾ ਕੇ ਆਉਣ ਵਾਲੀ ਪੀੜੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਯਤਨ ਕਰਨੇ ਚਾਹੀਦੇ ਹਨ। ਇਸ ਉਪਰੰਤ ਉੜਾਨ ਆਰਟ ਸੈਂਟਰ ਵੱਲੋਂ ਨਾਟਕ 'ਸੁਲਗਦੀ ਧਰਤੀ' ਪੇਸ਼ ਕੀਤਾ ਗਿਆ, ਗੁਰਪਿਆਰ ਸਿੰਘ ਦੁਆਰਾ ਨਿਰਦੇਸ਼ਿਤ ਨਾਟਕ ਸਾਰੇ ਦਰਸ਼ਕਾਂ ਨੂੰ ਸੋਚਣ ਲਈ ਮਜਬੂਰ ਕਰ ਗਿਆ। ਇਸ ਉਪਰੰਤ ਬਠਿੰਡਾ ਦੇ ਮੀਤ ਹਰਮੀਤ ਵੱਲੋਂ ਬਹੁਤ ਸੁੰਦਰ ਗੀਤ ਪੇਸ਼ ਕੀਤਾ ਗਿਆ, ਡਾ ਅਵਿਨਾਸ਼ ਰਾਣਾ (ਪ੍ਰੋਜੈਕਟ ਡਾਇਰੈਕਟਰ ਐਚਆਈਵੀ ਏਡਸ ਟੀ ਆਈ) ਨੇ ਕਿਹਾ ਕਿ ਜੇਕਰ ਸਮਾਜ, ਸਰਕਾਰਾਂ ਅਤੇ ਆਵਾਮ ਕਿਸੇ ਕੁਰੀਤੀ ਨੂੰ ਖਤਮ ਕਰਨ ਉਤੇ ਲੱਗਦਾ ਹੈ ਤਾਂ ਉਹ ਕੁਰੀਤੀ ਹੌਲੀ ਹੌਲੀ ਖਤਮ ਹੋ ਜਾਂਦੀ ਹੈ, ਅੱਜ ਸਾਨੂੰ ਸਾਰਿਆਂ ਨੂੰ ਨਸ਼ਿਆਂ ਦੀ ਇਸ ਕੁਰੀਤੀ ਨੂੰ ਖਤਮ ਕਰਨ ਲਈ ਇੱਕ ਜੁੱਟ ਹੋ ਕੇ ਯਤਨ ਕਰਨੇ ਚਾਹੀਦੇ ਹਨ। ਇਸ ਮੌਕੇ ਡਾ ਲਵਲੀਨ ਕੌਰ (ਡੀਐਸਐਸ ਓ ਸੰਗਰੂਰ) ਨੇ ਕਿਹਾ ਕਿ ਇਸਤਰੀ ਅਤੇ ਵਾਲ ਵਿਕਾਸ ਵਿਭਾਗ ਵੱਲੋਂ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਹ ਸਮਾਗਮ ਕਰਵਾਏ ਜਾ ਰਹੇ ਹਨ। ਉਹਨਾਂ ਦੱਸਿਆ ਕਿ ਇੱਕ ਐਲਈਡੀ ਸਕਰੀਨ ਵਾਲੀ ਵੈਨ ਜਿਲਾ ਸੰਗਰੂਰ ਦੇ ਵੱਖ-ਵੱਖ ਹਿੱਸਿਆਂ ਵਿੱਚ ਨਸ਼ਾ ਮੁਕਤੀ ਲਈ ਪ੍ਰਚਾਰ ਕਰੇਗੀ, ਇਸ ਵੈਨ ਦੀ ਸਕਰੀਨ ਉੱਪਰ ਨਸ਼ਿਆਂ ਨਾਲ ਸੰਬੰਧਿਤ ਸ਼ਾਰਟ ਵੀਡੀਓਜ ਚਲਾਈਆਂ ਜਾਣਗੀਆਂ। ਸਮਾਗਮ ਦੇ ਮੁੱਖ ਮਹਿਮਾਨ ਲਵਪ੍ਰੀਤ ਸਿੰਘ ਪੀਸੀਐਸ (ਅਸਿਸਟੈਂਟ ਕਮਿਸ਼ਨਰ) ਸੰਗਰੂਰ ਨੇ ਨੌਜਵਾਨਾਂ ਨੂੰ ਨਸ਼ੇ ਦੀ ਅਲਾਮਤ ਤੋਂ ਬਚਣ ਦੇ ਲਈ ਪ੍ਰੇਰਤ ਕੀਤਾ। ਉਹਨਾਂ ਨੇ ਆਏ ਹੋਏ ਸਾਰੇ ਨੌਜਵਾਨਾਂ ਨੂੰ ਅਤੇ ਸਰੋਤਿਆਂ ਨੂੰ ਨਸ਼ਾ ਮੁਕਤੀ ਲਈ ਸੌਂਹ ਚੁਕਾਈ ਅਤੇ ਉਨਾਂ ਵੱਲੋਂ ਐਲਈਡੀ ਵੈਨ ਨੂੰ ਝੰਡੀ ਵੀ ਦਿੱਤੀ ਗਈ। ਇਸ ਉਪਰੰਤ ਆਏ ਹੋਏ ਸਾਰੇ ਮੈਂਬਰਾਂ ਨੂੰ ਜ਼ਿਲਾ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਭਾਗ ਵੱਲੋਂ ਸਨਮਾਨਿਤ ਕੀਤਾ ਗਿਆ, ਇਸ ਮੌਕੇ ਹੋਰਨਾਂ ਤੋਂ ਇਲਾਵਾ ਸਮਾਜ ਸੇਵੀ ਅਤੇ ਸੀਨੀਅਰ ਸਿਟੀਜਨ ਆਗੂ ਸ਼੍ਰੀ ਰਾਜ ਕੁਮਾਰ ਅਰੋੜਾ, ਅਮਰੀਕ ਸਿੰਘ ਕਲੋਦੀ, ਦਲਜੀਤ ਸਿੰਘ, ਜਸਵੀਰ ਸਿੰਘ ਗੁਰਸੇਵਕ ਸਿੰਘ, ਜਸਵੀਰ ਸਿੰਘ ਜੱਸੀ, ਆਦਿ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਕੂੰਜੀ ਬਾਣੀ ਦਾ ਖ਼ਿਤਾਬ 5ਵੇਂ ਪਾਤਸ਼ਾਹ

**ਸਲਾਨਾ ਬਰਸੀ ਭਾਈ ਗੁਰਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।**

**ਸ਼ਨਿੱਚਰਵਾਰ 27 ਸਤੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 28 ਸਤੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਸੁਖਪਾਲ ਸਿੰਘ ਬਟਾਲੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

### ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**

ਹਲਕਾ ਮਜੀਠਾ ਦੇ ਪਿੰਡ ਭੋਏਵਾਲ 'ਚ ਰਵਾਇਤੀ ਪਾਰਟੀਆਂ ਨੂੰ ਅਲਵਿਦਾ ਕਹਿ ਕੇ

# ਵੱਡੀ ਗਿਣਤੀ ਪਰਿਵਾਰਾਂ ਨੇ ਤਲਬੀਰ ਗਿੱਲ ਦੀ ਅਗਵਾਈ 'ਚ 'ਆਪ' ਦਾ ਫੜਿਆ ਪੱਲਾ



**ਚੌਕ ਮਹਿਤਾ, 25 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਵੱਲੋਂ ਜਿਹੜੇ ਲੋਕਾਂ ਨਾਲ ਵਾਅਦੇ ਕੀਤੇ ਸਨ , ਮੁਤਾਬਿਕ ਹੋ ਰਹੇ ਸਰਵਪੱਖੀ ਵਿਕਾਸ਼ ਕਾਰਜਾਂ ਦੇ ਨਾਲ-ਨਾਲ ਅਨੇਕਾਂ ਹੀ ਲੋਕ ਭਲਾਈ ਸਕੀਮਾਂ ਸਮੇਤ ਕਈ ਚੰਗੀਆਂ ਨੀਤੀਆਂ 'ਤੇ ਮੋਹਰ ਲਗਾਈ ਹੈ ਜਿੰਨ੍ਹਾਂ ਤੋਂ ਲੋਕ ਖੁਸ ਹੋ ਕੇ ਧੜਾ-ਧੜ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਰਹੇ ਹਨ । ਉਕਤ ਸਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਤੋ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਹਲਕਾ ਮਜੀਠਾ ਦੇ ਪਿੰਡ ਭੋਏਵਾਲ ਸਰਪੰਚ ਸੁਰਜੀਤ ਸਿੰਘ ਭੋਏਵਾਲ ਦੀ ਪ੍ਰੇਰਨਾਂ ਸਦਕਾ ਰਵਾਇਤੀ ਪਾਰਟੀਆਂ ਨੂੰ ਅਲਵਿਦਾ ਕਹਿਣ ਵਾਲੇ ਕਈ ਪਰਿਵਾਰਾਂ ਨੂੰ 'ਆਪ' ਪਾਰਟੀ ਵਿਚ ਸ਼ਾਮਲ ਕਰਨ ਮੌਕੇ ਕੀਤਾ । ਗਿੱਲ ਨੇ ਕਿਹਾ ਕਿ ਸੂਬੇ 'ਚ ਰਵਾਇਤੀ ਪਾਰਟੀਆਂ ਨੇ ਹਮੇਸਾਂ ਲੋਕਾਂ ਨੂੰ ਗੁੰਮਰਾਹ ਕਰਕੇ ਵੋਟ ਬੈਂਕ ਵਜੋ ਵਰਤਿਆ , ਪਰ ਹੁਣ ਸਮਾਂ ਬਦਲ ਗਿਆ ਹੈ , ਕਿਉਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਈ ਲੋਕ ਹਿੱਤੀ ਫੈਸਲੇ ਲੈ ਕੇ ਆਮ ਜਨਤਾ ਦਾ ਮਨ ਜਿੱਤ ਲਿਆ ਜਿਸ ਕਰਕੇ ਅੱਜ ਵੱਡੀ ਗਿਣਤੀ 'ਚ ਲੋਕ ਆਮ ਆਦਮੀ ਪਾਰਟੀ ਪੱਲਾ ਫੜ ਕੇ ਮਾਣ ਮਹਿਸੂਸ ਕਰ ਰਹੇ ਹਨ । ਗਿੱਲ ਨੇ ਕਿਹਾ ਕਿ ਮਾਨ ਸਰਕਾਰ ਵਲੋਂ ਆਪਣੇ ਲੰਘੇ ਕਾਰਜਕਾਲ ਦੌਰਾਨ ਲੋਕਾਂ ਨੂੰ ਹਰ ਸੰਭਵ ਸੁਖ-ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਜਿਨ੍ਹਾਂ ਤੋਂ ਸੰਤੁਸਟ ਲੋਕ ਹੁਣ ਚੰਗੀ ਤਰ੍ਹਾਂ ਜਾਣ ਚੁੱਕੇ ਹਨ ਕਿ ਜੇਕਰ ਹੱਕ-ਸੱਚ ਅਤੇ ਲੋਕ ਭਲਾਈ ਦੀ ਗੱਲ ਕਰ ਸਕਦੀ ਹੈ 'ਤੇ ਉਹ ਸਿਰਫ ਆਮ ਆਦਮੀ ਪਾਰਟੀ ਦੀ ਹੀ ਸਰਕਾਰ ਹੈ । ਸ. ਗਿੱਲ ਨੇ ਕਿਹਾ ਕਿ ਪਹਿਲਾਂ ਸੱਤਾ ਹੰਢਾ ਚੁੱਕੀਆਂ ਪਾਰਟੀਆਂ ਚੱਲੇ ਹੋਏ ਕਾਰਤੂਸ ਹਨ ਵਾਂਗ ਹਨ ਜਿੰਨ੍ਹਾਂ ਨੂੰ ਲੋਕ ਚੰਗੀ ਤਰ੍ਹਾਂ ਸਮਝ ਚੁੱਕੇ ਹਨ ਜਿਸ ਕਰਕੇ ਦੂਸਰੀਆਂ ਪਾਰਟੀਆਂ ਦਾ ਹੁਣ ਪੰਜਾਬ ਅੰਦਰ ਕੋਈ ਅਧਾਰ ਨਹੀਂ ਹੈ । ਗਿੱਲ ਨੇ ਕਿਹਾ ਕਿ ਵਿਕਾਸ਼ ਪੱਖੋ ਪਛੜ ਚੁੱਕੇ ਹਲਕਾ ਮਜੀਠਾ ਦਾ ਸਰਵਪੱਖੀ ਵਿਕਾਸ ਕਰਵਾਉਣਾ ਹੁਣ ਮੇਰੀ ਜਿੰਮੇਵਾਰੀ ਹੈ 'ਤੇ ਲੋਕਾਂ ਵਲੋਂ ਮਿਲ ਰਹੇ ਪਿਆਰ ਸਦਕਾ ਆਉਣ ਵਾਲੇ ਸਮੇਂ ਅੰਦਰ ਹਲਕੇ ਦਾ ਵਿਕਾਸ਼ ਦੀਆਂ ਬੁਲੰਦੀਆਂ ਛੁਹੇਗਾ । 'ਆਪ' ਸ਼ਾਮਲ ਹੋਏ ਪਰਿਵਾਰਾਂ ਦਾ ਸਨਮਾਨ ਕਰਨ ਦੌਰਾਨ ਤਲਬੀਰ ਗਿੱਲ ਨੇ ਉਨ੍ਹਾਂ ਨੂੰ ਵਿਸ਼ਵਾਸ਼ ਦਿਵਾਇਆ ਕਿ ਤੁਹਾਨੂੰ ਇਸ ਪਾਰਟੀ ਵਿਚ ਬਣਦਾ ਪੂਰਾ ਮਾਣ-ਸਤਿਕਾਰ ਹਮੇਸ਼ਾ ਮਿਲਦਾ ਰਹੇਗਾ । ਇਸ ਮੌਕੇ ਸਰਪੰਚ ਸੁਰਜੀਤ ਸਿੰਘ ਭੋਏਵਾਲ , ਸ਼ਿਕੰਦਰ ਸਿੰਘ ਭੋਏਵਾਲ , ਸਰਪੰਚ ਬਲਬੀਰ ਸਿੰਘ ਬੋਪਾਰਾਏ , ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ,ਸਰਪੰਚ ਗੁਰਵਿੰਦਰ ਸਿੰਘ ਨਿੰਬਰਵਿੰਡ , ਹਰਜੀਤ ਸਿੰਘ ਭੋਏਵਾਲ, ਪ੍ਰਦੀਪ ਸਿੰਘ ਮੱਲ੍ਹੀ, ਪ੍ਰਧਾਨ ਵਰਦਾਨ ਮਸ਼ੀਹ, ਹੈਪੀ ਮਸੀਹ, ਸਰਦੂਲ ਮਸੀਹ, ਰਮੇਸ਼ ਮਸ਼ੀਹ, ਮੈਂਬਰ ਸੁਖਵਿੰਦਰ ਸਿੰਘ, ਮੈਂਬਰ ਸੁਰਜੀਤ ਸਿੰਘ, , ਅੰਗਰੇਜ ਸਿੰਘ ਭੋਏਵਾਲ, ਮੈਂਬਰ ਗੁਰਪ੍ਰੀਤ ਸਿੰਘ, , ਮੈਂਬਰ ਹਰਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਸ਼ਾਮਲ ਹੋਣ ਵਾਲੇ ਪਰਿਵਾਰ ਅਤੇ ਮੋਹਤਬਰ ਆਗੂ ਹਾਜਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

ਨਸੀਬਪੁਰਾ ਵਿਖੇ ਦੁਰਘਟਨਾ ਗ੍ਰਸਤ

# ਬਿਜਲੀ ਮੁਲਾਜ਼ਮ ਨੂੰ 1 ਲੱਖ 10 ਹਜ਼ਾਰ ਦੀ ਸੌਂਪੀ ਵਿੱਤੀ ਮੱਦਦ



**ਤਲਵੰਡੀ ਸਾਬੋ, 25 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਟੇਟ ਪਾਵਰਕਾਮ ਕਾਰਪੋਰੇਸ਼ਨ ਸਬ ਡਵੀਜ਼ਨ ਕੋਟਸ਼ਮੀਰ 'ਚ ਕੰਮ ਕਰਦੇ ਤੁੰਗਵਾਲੀ ਦਾ ਬਿਜਲੀ ਮੁਲਾਜ਼ਮ ਗੁਰਮੀਤ ਸਿੰਘ ਪੱਪੂ ਜੋ ਪਿਛਲੇ ਸਾਲ ਜੁਲਾਈ ਵਿੱਚ ਨਸੀਬਪੁਰਾ ਵਿਖੇ ਬਿਜਲੀ ਦਾ ਕੰਮ ਕਰਦੇ ਸਮੇਂ ਦੁਰਘਟਨਾ ਦਾ ਸ਼ਿਕਾਰ ਹੋ ਗਿਆ ਸੀ ਜਿਸਦੀ ਇਲਾਜ ਦੌਰਾਨ ਇੱਕ ਬਾਂਹ ਕੱਟਣੀ ਪਈ ਸੀ। ਕੋਟਸ਼ਮੀਰ ਦਫ਼ਤਰ ਦੇ ਐਸਡੀਓ ਸ੍ਰ. ਮਲਕੀਤ ਸਿੰਘ ਤੇ ਸਮੂਹ ਬਿਜਲੀ ਕਰਮਚਾਰੀਆਂ ਨੇ ਭਾਵੇਂ ਉਸ ਸਮੇਂ ਗੁਰਮੀਤ ਸਿੰਘ ਦੀ ਕਾਫੀ ਸਹਾਇਤਾ ਕੀਤੀ ਪਰ ਗੁਰਮੀਤ ਸਿੰਘ ਨੂੰ ਪਲਾਸਟਿਕ ਦੀ ਬਾਂਹ ਲਗਵਾਉਣ ਤੇ ਹੋਰ ਖਰਚਿਆਂ ਲਈ ਸਾਬਕਾ ਸਰਪੰਚ ਕੋਟਸ਼ਮੀਰ ਟੇਕ ਸਿੰਘ ਚਹਿਲ ਦੇ ਯਤਨਾ ਸਦਕਾ ਅਮਰੀਕ ਸਿੰਘ ਬਿੱਕਾ, ਜਗਸੀਰ ਸਿੰਘ ਭੱਪਾ ਤੇ ਹੋਰ ਸਾਥੀਆਂ ਨੇ ਇੱਕ ਲੱਖ ਦਸ ਹਜ਼ਾਰ ਰੁਪਏ ਦੀ ਸਹਾਇਤਾ ਬਿਜਲੀ ਕਰਮਚਾਰੀ ਗੁਰਮੀਤ ਸਿੰਘ ਪੱਪੂ ਨੂੰ ਐਸਡੀਓ ਸ੍ਰ. ਮਲਕੀਤ ਸਿੰਘ ਦੀ ਹਾਜਰੀ ਵਿੱਚ ਸੌਂਪੀ ਗਈ। ਇਸ ਮੌਕੇ ਅੰਤਰਰਾਸ਼ਟਰੀ ਦੌੜਾਕ ਨੰਬਰਦਾਰ ਬਲਵਿੰਦਰ ਸਿੰਘ ਕੋਟਸ਼ਮੀਰ, ਸਾਬਕਾ ਕੌਂਸਲਰ ਜਰਨੈਲ ਸਿੰਘ ਪ੍ਰਧਾਨ, ਗੁਰਾਂਦਿੱਤਾ ਸਿੰਘ ਖਾਲਸਾ, ਸਹਿਕਾਰੀ ਸਭਾ ਦੇ ਪ੍ਰਧਾਨ ਬਲਜਿੰਦਰ ਸਿੰਘ ਰਾਮੂ ਕਾ, ਸਾਬਕਾ ਕੌਂਸਲਰ ਜਗਦੇਵ ਸਿੰਘ, ਜੀਤ ਸਿੰਘ ਅਤੇ ਬਿਜਲੀ ਵਿਭਾਗ ਦਾ ਸਮੂਹ ਸਟਾਫ਼ ਹਾਜ਼ਰ ਸੀ। ਪਰਿਵਾਰ ਵੱਲੋਂ ਇਹਨਾਂ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰੂ ਕਾਸ਼ੀ ਯੂਨੀਵਰਸਿਟੀ ਨੇ ਮਨਾਇਆ "ਰਾਸ਼ਟਰੀ ਐਨ.ਐਸ.ਐਸ. ਦਿਹਾੜਾ"





**ਤਲਵੰਡੀ ਸਾਬੋ, 25 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਨੈਸ਼ਨਲ ਸਰਵਿਸ ਸਕੀਮ ਵਿਭਾਗ ਨੇ "ਰਾਸ਼ਟਰੀ ਐਨ.ਐਸ.ਐਸ ਦਿਹਾੜਾ" ਵੱਖ-ਵੱਖ ਗਤੀਵਿਧੀਆਂ ਕਰਕੇ ਮਨਾਇਆ। ਇਸ ਮੌਕੇ ਦੂਜੇ ਸੱਤ ਰੋਜ਼ਾ ਕੈਂਪ ਦਾ ਉਦਘਾਟਨ ਪ੍ਰੋ.(ਡਾ.) ਰਾਮੇਸ਼ਵਰ ਸਿੰਘ ਵਾਈਸ ਚਾਂਸਲਰ ਨੇ ਕੀਤਾ। ਉਦਘਾਟਨ ਮੌਕੇ ਆਯੋਜਿਤ ਕੀਤੇ ਗਏ ਸਮਾਰੋਹ ਵਿੱਚ ਡਾ. ਵੀਨਾ ਗਰਗ ਨੇ ਮੁੱਖ ਮਹਿਮਾਨ ਡਾ. ਜਾਵੇਦ ਅਹਿਮਦ ਡੀਨ ਅਕਾਦਮਿਕ ਤੇ ਦੇਸ ਰਾਜ ਕੰਬੋਜ਼ ਡਾਇਰੈਕਟਰ ਵਿਦਿਆਰਥੀ ਭਲਾਈ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਾਈਸ ਚਾਂਸਲਰ ਡਾ. ਸਿੰਘ ਨੇ ਵੰਲਟੀਅਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਆਪਣੇ ਅਧਿਕਾਰਾਂ ਤੋਂ ਪਹਿਲਾਂ ਆਪਣੇ ਕਰਤੱਵਾਂ ਨੂੰ ਤਰਜੀਹ ਦੇਣੀ ਪਵੇਗੀ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਨਿੱਘਰ ਸਮਾਜ ਦੇ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਤੇ ਵਲੰਟੀਅਰਾਂ ਨੂੰ ਆਪਣੀਆਂ ਸਮਾਜਿਕ ਤੇ ਨੈਤਿਕ ਜ਼ਿੰਮੇਵਾਰੀਆਂ ਪੂਰੀਆਂ ਕਰਨ ਲਈ ਕਿਹਾ। ਮੁੱਖ ਮਹਿਮਾਨ ਡਾ. ਗਰਗ ਨੇ ਐਨ.ਐਸ.ਐਸ ਵਲੰਟੀਅਰਾਂ ਵੱਲੋਂ ਸੰਕਟ ਦੀ ਘੜੀ ਵਿੱਚ ਕੀਤੇ ਗਏ ਕਾਰਜਾਂ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਉਨ੍ਹਾਂ ਕਰੋਨਾ ਕਾਲ, ਕਾਰਗਿਲ ਲੜਾਈ ਅਤੇ ਹੜ੍ਹਾਂ ਦੇ ਮੁਸ਼ਿਕਲ ਸਮੇਂ ਵਿੱਚ ਆਪਣੀਆਂ ਜ਼ਿੰਮੇਵਾਰੀਆਂ ਨਿਭਾਈਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਸਮਾਜ ਵਿੱਚ ਆ ਰਹੀਆਂ ਬੁਰਾਈਆਂ ਅਤੇ ਕੁਰੀਤੀਆਂ ਨੂੰ ਖ਼ਤਮ ਕਰਨ ਲਈ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ। ਯੂਨੀਵਰਸਿਟੀ ਐਨ.ਐਸ.ਐਸ ਕੁਆਰਡੀਨੇਟਰ ਨਰਿੰਦਰ ਕੌਰ ਨੇ ਕੈਂਪ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੈਂਪ ਵਿੱਚ ਲਗਭਗ 200 ਵਲੰਟੀਅਰ ਹਿੱਸਾ ਲੈ ਰਹੇ ਹਨ ਜੋ ਸੱਤ ਦਿਨਾਂ ਦੌਰਾਨ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਸਫ਼ਾਈ ਪ੍ਰਤੀ ਜਾਗਰੂਕਤਾ, ਸਾਖਰਤਾ ਲਈ ਪ੍ਰੇਰਣਾ, ਹਰਿਆ ਭਰਿਆ ਤੇ ਸਾਫ਼ ਸੁਥਰਾ ਵਾਤਾਵਰਨ ਬਾਰੇ ਜਾਣਕਾਰੀ ਅਤੇ ਨਸ਼ਿਆਂ ਵਿਰੁੱਧ ਆਪਣਾ ਅਭਿਆਨ ਚਲਾਉਣਗੇ। ਵਲੰਟੀਅਰਾਂ ਵੱਲੋਂ ਵੱਖ-ਵੱਖ ਪ੍ਰਦੇਸ਼ਾਂ ਦੇ ਵਿਦਿਆਰਥੀਆਂ ਵੱਲੋਂ ਅਨੇਕਤਾ ਵਿੱਚ ਏਕਤਾ ਦੀ ਮਿਸਾਲ ਦਰਸਾਉਂਦਾ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ਤੇ ਵਿਦਿਆਰਥੀਆਂ ਨੂੰ ਅਨੁਸ਼ਾਸਨ ਵਿੱਚ ਰਹਿਣ ਅਤੇ ਸਮਾਜ ਸੇਵਾ ਲਈ ਪ੍ਰੇਰਣਾਦਾਈ ਵਿਆਖਿਆਂਤ ਦਿੱਤੇ ਗਏ। ਵਲੰਟੀਅਰਾਂ ਵੱਲੋਂ ਪਿੰਡ ਜਗਾ ਰਾਮ ਤੀਰਥ ਦੇ ਗੁਰੂ ਘਰ ਵਿੱਚ ਸਾਫ ਸਫਾਈ ਦੀ ਸੇਵਾ ਨਿਭਾਈ ਗਈ। ਸੱਤ ਦਿਨ ਚੱਲਣ ਵਾਲੇ ਇਸ ਕੈਂਪ ਵਿੱਚ ਵੱਖ-ਵੱਖ ਫੈਕਲਟੀਆਂ ਦੇ ਐਨ.ਐਸ.ਐਸ ਕੁਆਰਡੀਨੇਟਰਾਂ ਵੱਲੋਂ ਕੀਤਾ ਗਿਆ ਪ੍ਰਬੰਧ, ਵਲੰਟੀਅਰਾਂ ਦਾ ਅਨੁਸ਼ਾਸਨ, ਸਾਫ਼ ਸਫਾਈ ਅਤੇ ਆਪਸੀ ਸਹਿਯੋਗ ਕਾਬਿਲ-ਏ-ਤਾਰੀਫ਼ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

**ਗੁਰਸੇਵਕ ਸਿੰਘ**
ਪਿਤਾ ਰਣਜੀਤ ਸਿੰਘ, ਮਾਤਾ ਅਮਰਜੀਤ ਕੌਰ, ਵਾਸੀ ਬਟਾਲਾ
( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਗੁਰ ਪ੍ਰਕਾਸ਼ ਗਰਾਸ ਅਸਟਰੀਆ ਯੂਰਪ ਵਿਖੇ

# ਮਹਾਨ ਨਗਰ ਕੀਰਤਨ 28 ਸਤੰਬਰ 2025 ਦਿਨ ਐਤਵਾਰ ਨੂੰ ਕੱਢਿਆ ਜਾ ਰਿਹਾ ਹੈ

## ਜਥੇਦਾਰ ਨਛੱਤਰ ਸਿੰਘ ਜੀ ਭੈਣੀ ਮਸਾ ਸਿੰਘ ਵਾਲਿਆਂ ਵੱਲੋਂ ਸਿੱਖ ਸੰਗਤਾਂ ਨੂੰ ਪਰਿਵਾਰਾਂ ਸਮੇਤ ਹੁਮ ਹੁਮਾ ਕੇ ਪਹੁੰਚਣ ਦੀ ਅਪੀਲ









(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਮਿਤੀ 21-9-2025 ਨੂੰ ਗੁਰਦੁਆਰਾ ਗੁਰੂ ਅੰਗਦ ਦੇਵ ਜੀ ਸਾਲਜਬਰਗ ਵਿਖੇ ਹਫਤਾਵਰੀ ਦੀਵਾਨ ਸਜਾਏ ਗਏ ਜਿਸ ਵਿੱਚ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਗੁਰੂ ਕਾ ਲੰਗਰ ਅਤੁੱਟ ਵਰਤਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਭਾਈ ਹਰਮੇਲ ਸਿੰਘ ਬੈਂਸ ,ਭਾਈ ਸਾਗਰਪਾਲ ਸਿੰਘ ਜੀ ਸੀਨੀਅਰ ਮੀਤ ਪ੍ਰਧਾਨ ,ਸੁਰਿੰਦਰ ਸਿੰਘ ਕੈਸ਼ੀਅਰ, ਰਵਿੰਦਰ ਸਿੰਘ ਰੈਂਸ਼ੀ ਚੇਅਰਮੈਨ, ਪਵਨੀਤ ਸਿੰਘ ਪੰਨੂ ਅਤੇ ਹੋਰ ਪਤਵੰਤੇ ਹਾਜ਼ਰ ਸਨ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਵੱਲੋਂ ਅਸਟਰੀਆ ਦੇ ਵੱਖ ਵੱਖ ਸ਼ਹਿਰ ਜਿਵੇਂ ਵਿਆਨਾ ,ਕਲੈਗਨਫਰੋਟ, ਲਿਨਸ, ਸਾਲਜਬਰਗ(ਇਨਸਬਰੁੱਕ) ਸਾਰੀਆਂ ਸੰਗਤਾਂ ਨੂੰ ਨਗਰ ਕੀਰਤਨ ਵਿੱਚ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ। ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਵਿੱਚ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸੇ ਤਰ੍ਹਾਂ ਸੰਗਤਾਂ ਵੱਲੋਂ ਹੜ ਪੀੜਤਾਂ ਦੀ ਸਹਾਇਤਾ ਲਈ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਪ੍ਰਧਾਨ ਅਸਟਰੀਆ ਯੂਰਪ , ਭਾਈ ਵਰਿੰਦਰ ਸਿੰਘ ਜੀ ਜੌਹਲ ਮੁੱਖ ਬੁਲਾਰੇ ਅਸਟਰੀਆ, ਹਰਪ੍ਰੀਤ ਸਿੰਘ ਪ੍ਰਧਾਨ ਇਨਸਬਰੁੱਕ ,ਨਰੇਸ਼ ਕੁਮਾਰ ਸਾਲਜਬਰਗ ,ਬਲਬੀਰ ਸਿੰਘ ਧਮਰੈਟ, ਮੱਖਣ ਸਿੰਘ ਭੱਟੀ ,ਬਲਦੇਵ ਸਿੰਘ ਜਰਮਨੀ ,ਹਰਜੀਤ ਸਿੰਘ ਕਰਨਾਲ ਵਾਲੇ, ਬਖਸ਼ੀਸ਼ ਸਿੰਘ ਬੈਗਲ ,ਹਰਮੇਲ ਸਿੰਘ ਬੈਂਸ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਬੀਬੀ ਰਾਜ ਰਾਣੀ, ਬੀਬੀਆਂ ਸਾਲਜਬਰਗ ਕੁਲਵਿੰਦਰ ਸਿੰਘ ਰਿੱਕੂ ਪੁਰਤਗਾਲ, ਸਿੰਦਰਪਾਲ ਸਿੰਘ ,ਜੀਵਨ ਸਿੰਘ, ਸੁਰਜੀਤ ਸਿੰਘ ਨਾਗਰਾ ,ਹਰਵਿੰਦਰ ਸਿੰਘ ਸੋਹੀ ਆਦਿ ਵੱਲੋਂ ਰਾਹਤ ਫੰਡ ਵੀ ਭੇਜਿਆ ਗਿਆ। ••



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਮੁੰਬਈ ਤੋਂ ਅਰਦਾਸ ਕਰਨ ਉਪਰੰਤ 1 ਕਰੋੜ ਦੀ

# ਹੜ੍ਹ ਰਾਹਤ ਸਮੱਗਰੀ ਪੰਜਾਬ ਲਈ ਰਵਾਨਾ







**ਨਵੀਂ ਦਿੱਲੀ, 25 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**-ਵਾਹਿਗੁਰੂ ਦੀ ਕਿਰਪਾ ਅਤੇ ਸੰਗਤ ਦੇ ਉਤਸ਼ਾਹਪੂਰਣ ਸਹਿਯੋਗ ਨਾਲ ਟੀਮ ਰੀਲੀਫ ਪੰਜਾਬ ਫਲੱਡਸ ਵੱਲੋਂ ਅੱਜ ਗੁਰਦੁਆਰਾ ਖਾਰਘਰ, ਨਵੀ ਮੁੰਬਈ ਤੋਂ ਰਾਹਤ ਸਮੱਗਰੀ ਰਵਾਨਾ ਕੀਤੀ ਗਈ। ਬਲ ਮਲਕੀਤ ਸਿੰਘ ਵਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ ਸਮਾਰੋਹ ਦੀ ਸ਼ੁਰੂਆਤ ਅਰਦਾਸ ਨਾਲ ਹੋਈ, ਜਿਸ ਵਿੱਚ ਇਸ ਮਨੁੱਖਤਾ ਦੀ ਸੇਵਾ ਦੇ ਮਿਸ਼ਨ ਦੀ ਕਾਮਯਾਬੀ ਲਈ ਅਸੀਸਾਂ ਲਈਆਂ ਗਈਆਂ। ਟੀਮ 1 ਅਤੇ 2 ਅਕਤੂਬਰ 2025 ਨੂੰ ਪੰਜਾਬ ਦੇ ਡੇਰਾ ਬਾਬਾ ਨਾਨਕ ਖੇਤਰ ਵਿੱਚ ਮੌਜੂਦ ਰਹੇਗੀ, ਜੋ ਹਾਲੀਆ ਬਾੜ੍ਹ ਨਾਲ ਸਭ ਤੋਂ ਵੱਧ ਪ੍ਰਭਾਵਿਤ ਇਲਾਕਿਆਂ ਵਿੱਚੋਂ ਇੱਕ ਹੈ। ਪਹਿਲੇ ਪੜਾਅ ਵਿੱਚ 500 ਪ੍ਰਭਾਵਿਤ ਪਰਿਵਾਰਾਂ ਨੂੰ ਵਿਸ਼ੇਸ਼ ਤੌਰ ’ਤੇ ਤਿਆਰ ਕੀਤੇ ਘਰੇਲੂ ਰਾਹਤ ਕਿੱਟ ਦਿੱਤੇ ਜਾਣਗੇ, ਜਿਸ ਵਿੱਚ ਸ਼ਾਮਲ ਹਨ ਗੱਦਾ ਕਵਰ ਸਮੇਤ, ਉਨੀ ਚਾਦਰ ਅਤੇ 2 ਤੱਕੀਏ (ਕਵਰ ਸਮੇਤ), ਕੰਬਲ, ਜੈਂਟਸ ਲਈ ਲੋਈ, ਲੇਡੀਜ਼ ਲਈ ਸ਼ਾਲ, ਬਰਤਨ, ।ਉਨ੍ਹਾਂ ਕਿਹਾ ਕਿ 2 ਅਕਤੂਬਰ ਦਸਹਿਰਾ ਦਾ ਦਿਨ ਪ੍ਰਭਾਵਿਤ ਪਰਿਵਾਰਾਂ ਨਾਲ ਬਿਤਾ ਕੇ, ਉਨ੍ਹਾਂ ਨਾਲ ਏਕਤਾ, ਪਿਆਰ ਅਤੇ ਸਹਿਯੋਗ ਸਾਂਝਾ ਕੀਤਾ ਜਾਵੇਗਾ। ਸਾਨੂੰ ਇਹ ਐਲਾਨ ਕਰਕੇ ਮਾਣ ਹੈ ਕਿ ਇਸ ਪੁੰਨ ਦੇ ਕਾਰਜ ਲਈ ?1 ਕਰੋੜ ਦਾ ਯੋਗਦਾਨ ਇਕੱਠਾ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਸਥਾਨਕ ਤੌਰ ’ਤੇ ਖਰੀਦੀ ਗਈ ਰਾਹਤ ਸਮੱਗਰੀ ਦਾ ਕਾਫ਼ਲਾ 1 ਅਕਤੂਬਰ 2025 ਸਵੇਰੇ 8 ਵਜੇ ਖਡੂਰ ਸਾਹਿਬ ਤੋਂ ਪਦਮਸ਼੍ਰੀ ਸੰਤ ਬਾਬਾ ਸੇਵਾ ਸਿੰਘ ਜੀ ਦੇ ਆਸ਼ੀਰਵਾਦ ਨਾਲ ਰਵਾਨਾ ਹੋਵੇਗਾ। 2 ਅਕਤੂਬਰ 2025 ਨੂੰ ਇਹ ਕਾਫ਼ਲੇ ਹੋਰ ਪ੍ਰਭਾਵਿਤ ਜ਼ਿਲ੍ਹਿਆਂ ਵੱਲ ਜਾਣਗੇ, ਤਾਂ ਜੋ ਰਾਹਤ ਸਮੱਗਰੀ ਸਾਰੇ ਪ੍ਰਭਾਵਿਤ ਪਰਿਵਾਰਾਂ ਤੱਕ ਪਹੁੰਚ ਸਕੇ। ਅਗਲੇ ਪੜਾਅ ਵਿੱਚ ਡੀਜ਼ਲ, ਬੀਜ, ਕੀਟਨਾਸ਼ਕ ਅਤੇ ਦਵਾਈਆਂ ਉੱਤੇ ਵੱਧ ਯਤਨ ਕੇਂਦਰਿਤ ਕੀਤੇ ਜਾਣਗੇ, ਕਿਉਂਕਿ ਇਹ ਕਿਸਾਨੀ ਨੂੰ ਮੁੜ ਪਟੜੀ ’ਤੇ ਲਿਆਂਉਣ ਲਈ ਬਹੁਤ ਜ਼ਰੂਰੀ ਹਨ, ਜੋ ਪ੍ਰਭਾਵਿਤ ਲੋਕਾਂ ਦੀ ਮੁੱਖ ਜੀਵਿਕਾ ਹੈ। ਇਸ ਦੇ ਨਾਲ, ਟੀਮ ਰੀਲੀਫ ਪੰਜਾਬ ਫਲੱਡਸ ਬਾੜ੍ਹ ਵਿੱਚ ਪੂਰੀ ਤਰ੍ਹਾਂ ਤਬਾਹ ਹੋਏ ਘਰਾਂ ਲਈ ਨਵੇਂ ਘਰਾਂ ਦੇ ਨਿਰਮਾਣ ਅਤੇ ਮੁੜ- ਨਿਰਮਾਣ ਵਿੱਚ ਵੀ ਸਹਿਯੋਗ ਕਰੇਗੀ, ਤਾਂ ਜੋ ਪ੍ਰਭਾਵਿਤ ਪਰਿਵਾਰਾਂ ਨੂੰ ਮੁੜ ਛੱਤ ਅਤੇ ਇੱਜ਼ਤ ਮਿਲ ਸਕੇ। ਇਹ ਸੇਵਾ ਤਦ ਤਕ ਜਾਰੀ ਰਹੇਗੀ ਜਦ ਤਕ ਹਾਲਾਤ ਸਧਾਰਨ ਨਹੀਂ ਹੋ ਜਾਂਦੇ। ਅਸੀਂ ਸਭ ਸੰਸਥਾਵਾਂ ਅਤੇ ਵਿਅਕਤੀਗਤ ਯੋਗਦਾਨਕਾਰਾਂ ਦਾ ਦਿਲੋਂ ਧੰਨਵਾਦ ਕਰਦੇ ਹਾਂ, ਜਿਨ੍ਹਾਂ ਦੇ ਸਹਿਯੋਗ ਨਾਲ ਇਹ ਰਾਹਤ ਮੁਹਿੰਮ ਸੰਭਵ ਹੋ ਸਕੀ ਹੈ। ਬਲ ਮਲਕਿਤ ਸਿੰਘ ਚੇਅਰਮੈਨ, ਟੀਮ ਰੀਲੀਫ, ਪੰਜਾਬ ਫਲੱਡਸ ਕਨਵੀਨਰ, ਮਹਾਰਾਸ਼ਟਰ ਸਿੱਖ ਐਸੋਸੀਏਸ਼ਨ ਐਗਜ਼ਿਕਊਟਿਵ ਚੇਅਰਮੈਨ - ਮਹਾਰਾਸ਼ਟਰ ਸਟੇਟ ਪੰਜਾਬੀ ਸਾਹਿਤ ਅਕਾਦਮੀ ਮਹਾਰਾਸ਼ਟਰ ਸਰਕਾਰ ਨੇ ਕਿਹਾ ਕਿ ਅਸੀਂ ਸਾਰਿਆਂ ਵਿਅਕਤੀਆਂ, ਸੰਸਥਾਵਾਂ ਅਤੇ ਸ਼ੁਭਚਿੰਤਕਾਂ ਨੂੰ ਬੇਨਤੀ ਕਰਦੇ ਹਾਂ ਕਿ ਇਸ ਨੇਕ ਕਾਰਜ ਵਿੱਚ ਆਪਣਾ ਸਹਿਯੋਗ ਪਾਉਣ। ਆਓ ਮਿਲ ਕੇ ਉਹਨਾਂ ਪਰਿਵਾਰਾਂ ਦੇ ਜੀਵਨ ਵਿੱਚ ਮੁੜ ਰਾਹਤ, ਇੱਜ਼ਤ ਅਤੇ ਆਸ ਲਿਆਈਏ ਜਿਨ੍ਹਾਂ ਨੇ ਬਹੁਤ ਕੁਝ ਗੁਆ ਲਿਆ ਹੈ। ਬਲ ਮਲਕੀਤ ਸਿੰਘ ਦਾ ਕਹਿਣਾ ਹੈ ਇਹ ਸਿਰਫ਼ ਰਾਹਤ ਪਹੁੰਚਾਉਣ ਦੀ ਗੱਲ ਨਹੀਂ ਹੈ, ਇਹ ਉਹਨਾਂ ਪਰਿਵਾਰਾਂ ਲਈ ਆਸ ਤੇ ਇੱਜ਼ਤ ਮੁੜ ਲਿਆਉਣ ਦੀ ਗੱਲ ਹੈ ਜਿਨ੍ਹਾਂ ਨੇ ਸਭ ਕੁਝ ਗੁਆ ਦਿੱਤਾ। ਅਸੀਂ ਸਾਰੇ ਇਕ ਕੌਮ ਬਣ ਕੇ ਇਹ ਯਕੀਨੀ ਕਰ ਸਕਦੇ ਹਾਂ ਕਿ ਪੰਜਾਬ ਪਹਿਲਾਂ ਨਾਲੋਂ ਵੱਧ ਮਜ਼ਬੂਤ ਹੋ ਕੇ ਉੱਠੇ।

## ਸੱਜਣ ਕੁਮਾਰ ਦੀ ਸਜ਼ਾ ਵਿਰੁੱਧ ਪਟੀਸ਼ਨ ’ਤੇ ਸੁਪਰੀਮ ਕੋਰਟ ਦੀਵਾਲੀ ਦੀਆਂ ਛੁੱਟੀਆਂ ਤੋਂ ਬਾਅਦ ਕਰੇਗਾ ਸੁਣਵਾਈ

# ਪੰਜ ਸਿੱਖਾਂ ਦੀ ਹੱਤਿਆ ਅਤੇ ਰਾਜ ਨਗਰ ਪਾਰਟ-2 ਵਿੱਚ ਇੱਕ ਗੁਰਦੁਆਰੇ ਨੂੰ ਸਾੜਨ ਨਾਲ ਸਬੰਧਤ ਹੈ ਮਾਮਲਾ




ਨਵੀਂ ਦਿੱਲੀ 25 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸੁਪਰੀਮ ਕੋਰਟ ਨੇ ਵੀਰਵਾਰ ਨੂੰ ਕਿਹਾ ਕਿ ਉਹ 1984 ਦੇ ਸਿੱਖ ਕਤਲੇਆਮ ਦੇ ਇੱਕ ਮਾਮਲੇ ਵਿੱਚ ਦੋਸ਼ੀ ਠਹਿਰਾਏ ਜਾਣ ਅਤੇ ਉਮਰ ਕੈਦ ਦੀ ਸਜ਼ਾ ਵਿਰੁੱਧ ਸਾਬਕਾ ਕਾਂਗਰਸੀ ਨੇਤਾ ਸੱਜਣ ਕੁਮਾਰ ਦੀ ਪਟੀਸ਼ਨ ’ਤੇ ਦੀਵਾਲੀ ਦੀਆਂ ਛੁੱਟੀਆਂ ਤੋਂ ਬਾਅਦ ਸੁਣਵਾਈ ਕਰੇਗਾ। ਸੁਪਰੀਮ ਕੋਰਟ ਦੀ ਛੁੱਟੀ 20 ਅਕਤੂਬਰ ਤੋਂ ਸ਼ੁਰੂ ਹੋਵੇਗੀ ਜਿਸ ਤੋਂ ਬਾਅਦ ਅਦਾਲਤ ਵਿਚ 27 ਅਕਤੂਬਰ ਨੂੰ ਕੰਮ ਦੁਬਾਰਾ ਸ਼ੁਰੂ ਹੋਵੇਗਾ । ਜਸਟਿਸ ਜੇਕੇ ਮਹੇਸ਼ਵਰੀ ਅਤੇ ਵਿਜੇ ਬਿਸ਼ਨੋਈ ਨੇ ਮਾਮਲੇ ਦੀ ਸੁਣਵਾਈ ਕਰਦੇ ਹੋਏ, ਧਿਰਾਂ ਦੇ ਵਕੀਲ ਨੂੰ ਮਾਮਲੇ ਵਿੱਚ ਹੇਠਲੀ ਅਦਾਲਤ ਅਤੇ ਹਾਈ ਕੋਰਟ ਦੁਆਰਾ ਲਗਾਏ ਗਏ ਦੋਸ਼ਾਂ, ਗਵਾਹਾਂ ਦੀ ਗਵਾਹੀ ਅਤੇ ਨਤੀਜਿਆਂ ਬਾਰੇ ਸਪੱਸ਼ਟ ਕਰਨ ਲਈ ਕਿਹਾ। ਜਿਕਰਯੋਗ ਹੈ ਕਿ ਹਾਈ ਕੋਰਟ ਨੇ ਹੇਠਲੀ ਅਦਾਲਤ ਦੇ 2010 ਦੇ ਫੈਸਲੇ ਨੂੰ ਰੱਦ ਕਰ ਦਿੱਤਾ ਸੀ ਜਿਸ ਵਿੱਚ ਸੱਜਣ ਕੁਮਾਰ ਨੂੰ ਮਾਮਲੇ ਵਿੱਚੋਂ ਬਰੀ ਕਰ ਦਿੱਤਾ ਗਿਆ ਸੀ। ਅਦਾਲਤ ਅੰਦਰ ਸੀਬੀਆਈ ਵੱਲੋਂ ਸੀਨੀਅਰ ਵਕੀਲ ਆਰਐਸ ਚੀਮਾ ਪੇਸ਼ ਹੋਏ, ਜਦੋਂ ਕਿ ਸੀਨੀਅਰ ਵਕੀਲ ਗੋਪਾਲ ਸ਼ੰਕਰਨਾਰਾਇਣਨ ਨੇ ਸੁਪਰੀਮ ਕੋਰਟ ਵਿੱਚ ਸੱਜਣ ਕੁਮਾਰ ਦੀ ਨੁਮਾਇੰਦਗੀ ਕੀਤੀ ਸੀ । ਅਦਾਲਤ ਅੰਦਰ ਸੱਜਣ ਕੁਮਾਰ ਦੀ ਅਪੀਲ ਤੋਂ ਇਲਾਵਾ, ਸਹਿ-ਦੋਸ਼ੀ ਬਲਵਾਨ ਖੋਖਰ ਅਤੇ ਗਿਰਧਾਰੀ ਲਾਲ ਦੀਆਂ ਪਟੀਸ਼ਨਾਂ ਨੂੰ ਵੀ ਸੁਣਵਾਈ ਲਈ ਸੂਚੀਬੱਧ ਕੀਤਾ ਗਿਆ ਸੀ। ਇਥੇ ਦਸਣਯੋਗ ਹੈ ਕਿ ਇਹ ਮਾਮਲਾ 1-2 ਨਵੰਬਰ, 1984 ਨੂੰ ਦੱਖਣ-ਪੱਛਮੀ ਦਿੱਲੀ ਦੇ ਦਿੱਲੀ ਛਾਉਣੀ ਦੇ ਰਾਜ ਨਗਰ ਪਾਰਟ-1 ਖੇਤਰ ਵਿੱਚ ਪੰਜ ਸਿੱਖਾਂ ਦੀ ਹੱਤਿਆ ਅਤੇ ਰਾਜ ਨਗਰ ਪਾਰਟ-2 ਵਿੱਚ ਇੱਕ ਗੁਰਦੁਆਰੇ ਨੂੰ ਸਾੜਨ ਨਾਲ ਸਬੰਧਤ ਹੈ। ਸੱਜਣ ਕੁਮਾਰ ਨੇ 31 ਦਸੰਬਰ, 2018 ਨੂੰ ਰਾਜਧਾਨੀ ਦੀ ਇੱਕ ਹੇਠਲੀ ਅਦਾਲਤ ਵਿੱਚ ਆਤਮ ਸਮਰਪਣ ਕਰ ਦਿੱਤਾ ਸੀ ਤਾਂ ਜੋ ਉਹ 17 ਦਸੰਬਰ, 2018 ਨੂੰ ਹਾਈ ਕੋਰਟ ਦੇ ਫੈਸਲੇ ਅਨੁਸਾਰ ਸਜ਼ਾ ਭੁਗਤ ਸਕੇ, ਜਿਸ ਵਿੱਚ ਉਸਨੂੰ “ਉਸਦੀ ਕੁਦਰਤੀ ਜ਼ਿੰਦਗੀ ਦੇ ਬਾਕੀ ਰਹਿੰਦੇ” ਲਈ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ ।ਮਾਮਲੇ ਵਿੱਚ ਸਜ਼ਾ ਸੁਣਾਏ ਜਾਣ ਤੋਂ ਬਾਅਦ, ਸੱਜਣ ਕੁਮਾਰ ਨੇ ਕਾਂਗਰਸ ਪਾਰਟੀ ਤੋਂ ਅਸਤੀਫਾ ਦੇ ਦਿੱਤਾ। ਹਾਈ ਕੋਰਟ ਨੇ ਕੁਮਾਰ ਨੂੰ ਅਪਰਾਧਿਕ ਸਾਜ਼ਿਸ਼ ਅਤੇ ਕਤਲ ਦੇ ਅਪਰਾਧਾਂ ਵਿੱਚ ਉਕਸਾਉਣ, ਧਰਮ ਦੇ ਆਧਾਰ ’ਤੇ ਵੱਖ-ਵੱਖ ਸਮੂਹਾਂ ਵਿਚਕਾਰ ਦੁਸ਼ਮਣੀ ਨੂੰ ਉਤਸ਼ਾਹਿਤ ਕਰਨ ਅਤੇ ਫਿਰਕੂ ਸਦਭਾਵਨਾ ਬਣਾਈ ਰੱਖਣ ਲਈ ਨੁਕਸਾਨਦੇਹ ਕੰਮ ਕਰਨ ਅਤੇ ਗੁਰਦੁਆਰੇ ਨੂੰ ਅਪਵਿੱਤਰ ਕਰਨ ਅਤੇ ਤਬਾਹ ਕਰਨ ਦੇ ਦੋਸ਼ਾਂ ਲਈ ਦੋਸ਼ੀ ਠਹਿਰਾਇਆ ਅਤੇ ਆਪਣੀ ਬਾਕੀ ਦੀ ਜ਼ਿੰਦਗੀ ਜੇਲ੍ਹ ਵਿੱਚ ਬਿਤਾਉਣ ਦੀ ਸਜ਼ਾ ਸੁਣਾਈ। ਇਸ ਨੇ ਖੋਖਰ ਅਤੇ ਗਿਰਧਾਰੀ ਲਾਲ ਸਮੇਤ ਪੰਜ ਹੋਰਾਂ ਨੂੰ ਹੇਠਲੀ ਅਦਾਲਤ ਦੁਆਰਾ ਸੁਣਾਈ ਗਈ ਸਜ਼ਾ ਅਤੇ ਵੱਖ-ਵੱਖ ਸਜ਼ਾਵਾਂ ਨੂੰ ਵੀ ਬਰਕਰਾਰ ਰੱਖਿਆ ਸੀ । ਹਾਈ ਕੋਰਟ ਦੇ ਫੈਸਲੇ ਵਿੱਚ ਕਿਹਾ ਗਿਆ ਹੈ ਕਿ 1984 ਦੇ ਸਿੱਖ ਕਤਲੇਆਮ ਦੌਰਾਨ ਰਾਸ਼ਟਰੀ ਰਾਜਧਾਨੀ ਵਿੱਚ 2,700 ਤੋਂ ਵੱਧ ਸਿੱਖ ਮਾਰੇ ਗਏ ਸਨ ਜੋ ਕਿ ਸੱਚਮੁੱਚ “ਅਵਿਸ਼ਵਾਸ਼ਯੋਗ ਅਨੁਪਾਤ ਦਾ ਕਤਲੇਆਮ” ਸੀ। ਇਸ ਵਿੱਚ ਕਿਹਾ ਗਿਆ ਹੈ ਕਿ ਕਤਲੇਆਮ ਅਤੇ ਦੰਗੇ “ਮਨੁੱਖਤਾ ਵਿਰੁੱਧ ਅਪਰਾਧ” ਸਨ ਜੋ ਉਨ੍ਹਾਂ ਲੋਕਾਂ ਦੁਆਰਾ ਕੀਤੇ ਗਏ ਸਨ ਜਿਨ੍ਹਾਂ ਨੂੰ “ਰਾਜਨੀਤਿਕ ਸਰਪ੍ਰਸਤੀ” ਪ੍ਰਾਪਤ ਸੀ ਅਤੇ ਇੱਕ “ਉਦਾਸੀਨ” ਕਾਨੂੰਨ ਲਾਗੂ ਕਰਨ ਵਾਲੀ ਏਜੰਸੀ ਦੀ ਸਹਾਇਤਾ ਪ੍ਰਾਪਤ ਸੀ।

# ਪਿੰਡ ਪਲਾਸੌਰ ਵਿਖੇ ਝੋਨੇ ਦੀ ਰਹਿੰਦ-ਖੂੰਹਦ ਦੀ ਸਾਂਭ ਸੰਭਾਲ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ




**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਖੇਤੀਬਾੜੀ ਅਫਸਰ ਸੰਗਰੂਰ ਡਾਕਟਰ ਧਰਮਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਖੇਤੀਬਾੜੀ ਅਫਸਰ ਧੂਰੀ ਡਾ.ਅਮਨਦੀਪ ਕੌਰ ਦੀ ਰਹਿਨੁਮਾਈ ਹੇਠ ਪਿੰਡ ਪਲਾਸੌਰ ਬਲਾਕ ਧੂਰੀ ਵਿਖੇ ਝੋਨੇ ਦੀ ਰਹਿੰਦ-ਖੂੰਹਦ ਦੀ ਸਾਂਭ ਸੰਭਾਲ ਸਬੰਧੀ ਪਿੰਡ ਪੱਧਰੀ ਕੈਂਪ ਦਾ ਆਯੋਜਨ ਕੀਤਾ ਗਿਆ । ਕਿਸਾਨਾਂ ਨੂੰ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾ ਕੇ ਪਰਾਲੀ ਨੂੰ ਖੇਤ ਵਿੱਚ ਹੀ ਵਾਹ ਕੇ ਕਣਕ ਦੀ ਬਜਾਈ ਕਰਨ ਦੀ ਅਪੀਲ ਕੀਤੀ ਗਈ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਟੈਸਟ ਕਰਵਾਉਣ ਉਪਰੰਤ ਲੋੜੀਦੀਆਂ ਖਾਦਾਂ ਦੀ ਵਰਤੋਂ ਸਬੰਧੀ ਪ੍ਰੇਰਿਤ ਕੀਤਾ ਗਿਆ । ਇਸ ਮੌਕੇ ਹਰਮੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ, ਅਮਰਿੰਦਰ ਸਿੰਘ ਏਟੀਐਮ,ਮਨਪ੍ਰੀਤ ਕੌਰ ਏਪੀਆਈ,ਜੁਗਰਾਜ ਸਿੰਘ ਬੇਲਦਾਰ ਹਾਜਰ ਸਨ।

# ਡਾ, ਸਤਨਾਮ ਸਿੰਘ ਚੰਨਣਕੇ ਕੈਬਿਨੇਟ ਮੰਤਰੀ ਹਰਭਜਨ ਸਿੰਘ ਪਿੰਡ ਮੁਸ਼ਕਲਾਂ ਬਾਰੇ ਵਿਚਾਰ ਕਰਦੇ ਹੋਏ



ਚੌਕ ਮਹਿਤਾ 25 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਡਾ, ਸਤਨਾਮ ਸਿੰਘ ਚੰਨਣਕੇ ਪਿੰਡ ਦੀਆਂ ਮੁਸ਼ਕਲਾਂ ਬਾਰੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨਾਲ ਵਿਚਾਰਾ ਕਰਦੇ ਹੋਏ ਅੱਠਾ ਨਾਥ ਦੀ ਖੂੱਹੀ ਤੋਂ ਪਿੰਡ ਚੰਨਣਕੇ ਤੋਂ ਭੋਏਵਾਲ ਪਿੰਡ ਦੀ ਚਾਰ ਚੁਫ਼ੇਰੇ ਦੀ ਫਰਨੀ ਬਾਰੇ ਦੱਸਦੇ ਹੋਏ ।ਅਤੇ ਪਿੰਡ ਦੀਆਂ ਮੁਸ਼ਕਲਾਂ ਬਾਰੇ ਜਾਣੂ ਕਰਾਇਆ ਗਿਆ। ਕੈਬਿਨੇਟ ਮੰਤਰੀ ਹਰਭਜਨ ਈ ਟੀ ਉ ਪਿੰਡ ਵਾਸੀਆਂ ਪਿੰਡ ਦੀਆਂ ਮੁਸ਼ਕਲਾਂ ਪਹਿਲ ਅਧਾਰ ਤੇ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਨਾਥ ਦੀ ਖੂੱਹੀ ਤੋਂ ਸੜਕ ਆਰੰਭ ਕਰ ਦਿੱਤੀ ਗਈ ਹੈ ਪਿੰਡ ਵਾਸੀਆਂ ਕੈਬਿਨੇਟ ਮੰਤਰੀ ਧੰਨਵਾਦ ਕੀਤਾ ਗਿਆ।

# ਪੰਜਾਬ ਵਾਸੀਆਂ ਨੂੰ ਮਿਲੇਗਾ 10 ਲੱਖ ਸਿਹਤ ਬੀਮਾ ਯੋਜਨਾ ਦਾ ਲਾਭ : ਆਪ ਆਗੂ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਕਦਮ ਚੁੱਕਦੇ ਹੋਏ ਪੰਜਾਬ ਵਾਸੀਆਂ ਨੂੰ 10 ਲੱਖ ਰੁਪਏ ਤੱਕ ਦੇ ਸਿਹਤ ਬੀਮੇ ਲਈ ਰਜਿਸਟਰੇਸ਼ਨ ਦੀ ਸ਼ੁਰੂਆਤ ਜ਼ਿਲ੍ਹਾ ਤਰਨਤਾਰਨ ਅਤੇ ਬਰਨਾਲਾ ਤੋਂ ਰਜਿਸਟਰੇਸ਼ਨ ਨੂੰ ਸੂਰੂ ਹੋਣ ਨਾਲ ਪੰਜਾਬੀਆਂ ਨੂੰ ਵੱਡੀ ਰਾਹਤ ਮਿਲੇਗੀ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਆਗੂ ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ, ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ਪ੍ਰਧਾਨ ਪੰਚਾਇਤ ਯੂਨੀਅਨ ਧੂਰੀ, ਲਾਭ ਸਿੰਘ ਜਿਲ੍ਹਾ ਪ੍ਰਧਾਨਐਸੀ ਵਿੰਗ ਸੰਗਰੂਰ , ਸਰਪੰਚ ਜਸਵੀਰ ਦਾਸ ਢਢੋਗਲ ਜਨਰਲ ਸਕੱਤਰ ਪੰਚਾਇਤ ਯੂਨੀਅਨ ਧੂਰੀ ਅਤੇ ਸਰਪੰਚ ਸਿਮਰਨਜੀਤ ਸਿੰਘ ਬਟੂਹਾ ਨੇ ਕੀਤਾ। ਓਮ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਪਹਿਲਾਂ 600 ਯੂਨਿਟ ਮੁਫ਼ਤ ਬਿਜਲੀ ਦਾ ਲਾਭ ਸੂਬੇ ਦੇ ਹਰ ਪਰਿਵਾਰ ਨੂੰ ਦਿੱਤਾ ਜਾ ਰਿਹਾ ਹੈ, ਜਿਸ ਤਹਿਤ ਲਗਭਗ 90 ਫ਼ੀਸਦੀ ਪਰਿਵਾਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ। ਹੁਣ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸੂਬਾ ਵਾਸੀਆਂ ਨੂੰ 10 ਲੱਖ ਤੱਕ ਦੇ ਕੇਸ਼ਲੈਸ ਇਲਾਜ ਦੀ ਸਹੂਲਤ ਛੇਤੀ ਦਿੱਤੀ ਜਾ ਰਹੀ ਹੈ ਜੋ ਕਿ ਬੜਾ ਵੱਡਾ ਫੈਸਲਾ ਹੈ। ਆਗੂਆਂ ਨੇ ਪੰਜਾਬ ਵਾਸੀਆਂ ਨੂੰ ਸਿਹਤ ਬੀਮਾ ਸਕੀਮ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਕੀਮ ਸਿਹਤ ਖੇਤਰ ਵਿਚ ਵੱਡਾ ਕਦਮ ਹੈ। ਹੁਣ ਸਰਕਾਰੀ ਦੇ ਨਾਲ ਨਾਲ ਪ੍ਰਾਈਵੇਟ ਹਸਪਤਾਲਾਂ ਵਿਚ ਵੀ 10 ਲੱਖ ਤੱਕ ਦਾ ਕੇਸ਼ਲੇਸ ਇਲਾਜ ਕਰਾਇਆ ਜਾ ਸਕੇਗਾ।

## ਪੰਨੂ ਕਤਲ ਦੀ ਸਾਜ਼ਿਸ਼ ਵਿੱਚ ਸਾਬਕਾ ਰਾਅ ਅਧਿਕਾਰੀ ਵਿਕਾਸ ਯਾਦਵ ਨੇ ਹਥਿਆਰਾਂ ਅਤੇ

# ਜਹਾਜ਼ਾਂ ਦੀ ਮਨਜ਼ੂਰੀ ਦਾ ਕੀਤਾ ਸੀ ਵਾਅਦਾ: ਅਮਰੀਕੀ ਵਕੀਲ

**ਨਵੀਂ ਦਿੱਲੀ 25 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**-ਅਮਰੀਕੀ ਵਕੀਲਾਂ ਨੇ ਅਦਾਲਤ ਵਿੱਚ ਦੋਸ਼ ਲਗਾਇਆ ਹੈ ਕਿ ਸਾਬਕਾ ਭਾਰਤੀ ਰਾਅ ਅਧਿਕਾਰੀ ਵਿਕਾਸ ਯਾਦਵ ਨੇ ਨਿਖਿਲ ਗੁਪਤਾ ਨੂੰ ਹਥਿਆਰ ਮੁਹੱਈਆ ਕਰਵਾਉਣ ਦਾ ਵਾਅਦਾ ਕੀਤਾ ਸੀ ਅਤੇ ਭਾਰਤ ਤੋਂ ਹਥਿਆਰਾਂ ਦੀ ਢੋਆ-ਢੁਆਈ ਲਈ ਉਡਾਣ ਦੀ ਮਨਜ਼ੂਰੀ ਦਾ ਪ੍ਰਬੰਧ ਵੀ ਕੀਤਾ ਸੀ ਤਾਂ ਜੋ ਗੁਪਤਾ ਉਨ੍ਹਾਂ ਨੂੰ ਇੱਕ ਅਜਿਹੇ ਵਿਅਕਤੀ ਨੂੰ ਵੇਚ ਸਕੇ ਜਿਸਨੂੰ ਉਹ ਤਸਕਰ ਮੰਨਦਾ ਸੀ।ਬਦਲੇ ਵਿੱਚ, ਗੁਪਤਾ ਨਿਊਯਾਰਕ ਵਿੱਚ ਇੱਕ ਸਿੱਖ ਵੱਖਵਾਦੀ ਗੁਰਪਤਵੰਤ ਸਿੰਘ ਪਨੂੰ ਨੂੰ ਕਤਲ ਕਰਨ ਲਈ ਇੱਕ ਕੰਟਰੈਕਟ ਕਿਲਰ ਨੂੰ ਕਿਰਾਏ 'ਤੇ ਲੈਣ ਵਿੱਚ ਮਦਦ ਕਰੇਗਾ।ਇਹ ਦੋਸ਼ ਅਮਰੀਕੀ ਸਰਕਾਰ ਵੱਲੋਂ 22 ਸਤੰਬਰ ਨੂੰ ਨਿਊਯਾਰਕ ਦੀ ਇੱਕ ਸੰਘੀ ਅਦਾਲਤ ਵਿੱਚ ਦਾਇਰ ਕੀਤੇ ਗਏ ਇੱਕ ਦਸਤਾਵੇਜ਼ ਵਿੱਚ ਸਾਹਮਣੇ ਆਇਆ ਹੈ । ਇਹ ਇੱਕ 'ਮੋਸ਼ਨ ਇਨ ਲਿਮਿਨ' ਹੈ - ਇੱਕ ਪ੍ਰੀ-ਟਰਾਇਲ ਬੇਨਤੀ ਜਿਸ ਵਿੱਚ ਵਕੀਲ ਜੱਜ ਨੂੰ ਮੁਕੱਦਮਾ ਸ਼ੁਰੂ ਹੋਣ ਤੋਂ ਪਹਿਲਾਂ ਇਹ ਫੈਸਲਾ ਕਰਨ ਲਈ ਕਹਿੰਦੇ ਹਨ ਕਿ ਕਿਹੜੇ ਸਬੂਤ ਜਿਊਰੀ ਨੂੰ ਦਿਖਾਏ ਜਾ ਸਕਦੇ ਹਨ ਅਤੇ ਕਿਹੜੇ ਨਹੀਂ।





ਇਹ ਜਾਣਿਆ ਜਾਂਦਾ ਹੈ ਕਿ 52 ਸਾਲਾ ਨਿਖਿਲ ਗੁਪਤਾ 'ਤੇ ਸਿੱਖ ਵੱਖਵਾਦੀ ਗੁਰਪਤਵੰਤ ਸਿੰਘ ਪੰਨੂ ਦੇ ਕਤਲ ਦੀ ਸਾਜ਼ਿਸ਼ ਰਚਣ ਦਾ ਦੋਸ਼ ਹੈ। ਪੰਨੂ ਇੱਕ ਅਮਰੀਕੀ-ਕੈਨੇਡੀਅਨ ਨਾਗਰਿਕ ਹੈ ਅਤੇ ਭਾਰਤ ਵਿੱਚ ਪਾਬੰਦੀਸ਼ੁਦਾ ਸੰਗਠਨ ਸਿੱਖਸ ਫਾਰ ਜਸਟਿਸ ਦਾ ਜਨਰਲ ਕੌਂਸਲ ਹੈ। ਗੁਪਤਾ ਦਾ ਮੁਕੱਦਮਾ 3 ਨਵੰਬਰ ਨੂੰ ਸ਼ੁਰੂ ਹੋਣ ਵਾਲਾ ਹੈ। ਅਮਰੀਕੀ ਵਕੀਲਾਂ ਨੇ ਪਹਿਲੀ ਵਾਰ ਨਵੰਬਰ 2023 ਵਿੱਚ ਨਿਖਿਲ ਗੁਪਤਾ 'ਤੇ ਪੰਨੂ ਦੇ ਕਤਲ ਦੀ ਸਾਜ਼ਿਸ਼ ਰਚਣ ਦਾ ਦੋਸ਼ ਲਗਾਇਆ ਸੀ।ਉਨ੍ਹਾਂ ਕਿਹਾ ਕਿ ਗੁਪਤਾ ਨੇ ਇਹ ਸਾਜ਼ਿਸ਼ ਇੱਕ ਭਾਰਤੀ ਸਰਕਾਰੀ ਅਧਿਕਾਰੀ ਦੇ ਹੁਕਮ 'ਤੇ ਰਚੀ ਸੀ, ਜਿਸਦੀ ਪਛਾਣ ਦਸਤਾਵੇਜ਼ਾਂ ਵਿੱਚ ਸਿਰਫ਼ 'ਸੀ ਸੀ -1' ਵਜੋਂ ਕੀਤੀ ਗਈ ਹੈ।

ਤਿੰਨ ਹਫ਼ਤੇ ਬਾਅਦ, 18 ਦਸੰਬਰ ਨੂੰ, ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਵਿਕਾਸ ਯਾਦਵ ਨੂੰ ਇੱਕ ਵੱਖਰੇ ਮਾਮਲੇ (ਅਗਵਾ ਅਤੇ ਜਬਰਨ ਵਸੂਲੀ) ਵਿੱਚ ਗ੍ਰਿਫ਼ਤਾਰ ਕੀਤਾ। ਯਾਦਵ ਨੇ ਤਿਹਾੜ ਜੇਲ੍ਹ ਵਿੱਚ ਚਾਰ ਮਹੀਨੇ ਬਿਤਾਏ ਅਤੇ ਅਪ੍ਰੈਲ 2024 ਵਿੱਚ ਉਸਨੂੰ ਜ਼ਮਾਨਤ ਮਿਲ ਗਈ।ਉਦੋਂ ਤੋਂ ਉਸਦਾ ਠਿਕਾਣਾ ਅਸਪਸ਼ਟ ਹੈ।ਅਕਤੂਬਰ 2024 ਵਿੱਚ, ਅਮਰੀਕੀ ਅਧਿਕਾਰੀਆਂ ਨੇ ਦੂਜਾ "ਸੁਪਰਸੀਡਿੰਗ ਇੰਡੀਕੇਸ਼ਨ" ਜਾਰੀ ਕੀਤਾ, ਜਿਸ ਵਿੱਚ "ਸੀ ਸੀ-1" ਦੀ ਪਛਾਣ ਵਿਕਾਸ ਯਾਦਵ ਵਜੋਂ ਕੀਤੀ ਗਈ। ਦਸਤਾਵੇਜ਼ ਵਿੱਚ ਉਸਨੂੰ ਪ੍ਰਧਾਨ ਮੰਤਰੀ ਦਫ਼ਤਰ ਦੇ ਅਧੀਨ ਕੈਬਨਿਟ ਸਕੱਤਰੇਤ ਵਿੱਚ ਇੱਕ ਅਧਿਕਾਰੀ ਵਜੋਂ ਦਰਸਾਇਆ ਗਿਆ ਸੀ। ਜਨਵਰੀ 2025 ਵਿੱਚ, ਭਾਰਤ ਸਰਕਾਰ ਦੀ ਇੱਕ ਉੱਚ-ਪੱਧਰੀ ਕਮੇਟੀ ਨੇ ਉਸਦੀ ਭੂਮਿਕਾ ਨੂੰ ਸਪੱਸ਼ਟ ਤੌਰ 'ਤੇ ਸਵੀਕਾਰ ਕੀਤਾ ਅਤੇ ਉਸਦੇ ਵਿਰੁੱਧ ਕਾਨੂੰਨੀ ਕਾਰਵਾਈ ਦੀ ਸਿਫਾਰਸ਼ ਕੀਤੀ। ਅਮਰੀਕੀ ਵਕੀਲਾਂ ਵੱਲੋਂ ਦਾਇਰ ਕੀਤੀ ਗਈ ਤਾਜ਼ਾ ਕਾਰਵਾਈ ਦੇ ਅਨੁਸਾਰ, ਗੁਪਤਾ ਇੱਕ ਅਜਿਹੇ ਵਿਅਕਤੀ ਨਾਲ ਸਬੰਧ ਬਣਾ ਰਿਹਾ ਸੀ ਜਿਸਨੂੰ ਉਹ ਡਰੱਗ ਤਸਕਰ ਮੰਨਦਾ ਸੀ, ਪਰ ਅਸਲ ਵਿੱਚ ਉਹ ਅਮਰੀਕੀ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਲਈ ਗੁਪਤ ਰੂਪ ਵਿੱਚ ਕੰਮ ਕਰ ਰਿਹਾ ਸੀ।ਸਰਕਾਰੀ ਵਕੀਲਾਂ ਨੇ ਕਿਹਾ, ਸਾਜ਼ਿਸ਼ ਦੌਰਾਨ, ਜਦੋਂ ਉਹ ਪੀੜਤ ਦੀ ਇਕਰਾਰਨਾਮੇ 'ਤੇ ਹੱਤਿਆ ਬਾਰੇ ਚਰਚਾ ਕਰ ਰਹੇ ਸਨ, ਗੁਪਤਾ ਅਤੇ ਸੀਐਸ (ਗੁਪਤ ਸਰੋਤ) ਇੱਕ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੇ ਸੌਦੇ 'ਤੇ ਵੀ ਗੱਲਬਾਤ ਕਰ ਰਹੇ ਸਨ। ਗੁਪਤਾ ਪ੍ਰਾਗ ਚਲਾ ਗਿਆ, ਜਿੱਥੇ ਉਸਨੂੰ ਗ੍ਰਿਫਤਾਰ ਕਰ ਲਿਆ ਗਿਆ।ਉਸਦੀ ਯਾਤਰਾ ਦਾ ਇੱਕ ਉਦੇਸ਼ ਸੀਐਸ ਨੂੰ ਮਿਲਣਾ ਅਤੇ ਸੌਦੇ ਨੂੰ ਅੰਤਿਮ ਰੂਪ ਦੇਣਾ ਸੀ।ਰਿਪੋਰਟਾਂ ਅਨੁਸਾਰ, ਗੁਪਤਾ ਹਥਿਆਰਾਂ ਦੀ ਸਪਲਾਈ ਲੈਣ ਲਈ ਯਾਦਵ ਕੋਲ ਗਿਆ ਸੀ, ਜਿਸਨੂੰ ਉਹ ਬਾਅਦ ਵਿੱਚ ਨਸ਼ੀਲੇ ਪਦਾਰਥਾਂ ਦੇ ਬਦਲੇ ਲੈਣ ਜਾ ਰਿਹਾ ਸੀ। 22 ਜੂਨ, 2023 ਨੂੰ ਇੱਕ ਵਟਸਐਪ ਸੁਨੇਹੇ ਵਿੱਚ, ਯਾਦਵ ਨੇ ਕਥਿਤ ਤੌਰ 'ਤੇ 'ਅਸਾਲਟ ਰਾਈਫਲਾਂ ਅਤੇ ਪਿਸਤੌਲ' ਪ੍ਰਦਾਨ ਕਰਨ ਦਾ ਵਾਅਦਾ ਕੀਤਾ ਸੀ ਅਤੇ ਭਾਰਤ ਤੋਂ ਹਥਿਆਰਾਂ ਦੀ ਢੋਆ-ਢੁਆਈ ਲਈ ਜਹਾਜ਼ ਲਈ ਕਲੀਅਰੈਂਸ ਦਾ ਪ੍ਰਬੰਧ ਵੀ ਕੀਤਾ ਸੀ। 26 ਜੂਨ ਨੂੰ, ਗੁਪਤਾ ਨੇ ਯਾਦਵ ਨਾਲ ਦੁਬਾਰਾ ਸੰਪਰਕ ਕੀਤਾ ਅਤੇ "ਖਿਡੌਣਿਆਂ" ਬਾਰੇ ਜਾਣਕਾਰੀ ਮੰਗੀ ਜਿਸਨੂੰ ਸਰਕਾਰੀ ਵਕੀਲ ਕਹਿੰਦੇ ਹਨ ਕਿ ਹਥਿਆਰਾਂ ਲਈ ਇੱਕ ਕੋਡ ਵਰਡ ਵਰਤਿਆ ਗਿਆ ਹੈ। ਸਰਕਾਰੀ ਵਕੀਲਾਂ ਦਾ ਕਹਿਣਾ ਹੈ ਕਿ ਯਾਦਵ ਨੇ ਫਿਰ ਜਵਾਬ ਦਿੱਤਾ ਕਿ ਉਹ ਕਤਲ ਪੂਰਾ ਹੋਣ ਤੋਂ ਬਾਅਦ ਹੀ ਹਥਿਆਰ ਪ੍ਰਦਾਨ ਕਰੇਗਾ। ਅਮਰੀਕੀ ਵਕੀਲਾਂ ਨੇ ਦਲੀਲ ਦਿੱਤੀ ਕਿ ਇਨ੍ਹਾਂ ਗੱਲਬਾਤਾਂ ਤੋਂ ਪਤਾ ਚੱਲਦਾ ਹੈ ਕਿ ਯਾਦਵ ਦਾ ਕਥਿਤ ਸਮਰਥਨ ਪੰਨੂ ਦੇ ਕਤਲ 'ਤੇ ਨਿਰਭਰ ਸੀ। ਯਾਨੀ, ਹਥਿਆਰ ਮੁਹੱਈਆ ਕਰਵਾਉਣ ਦੀ ਪੇਸ਼ਕਸ਼ ਸਿੱਧੇ ਤੌਰ 'ਤੇ ਕੰਟਰੈਕਟ ਕਿਲਿੰਗ ਸਾਜ਼ਿਸ਼ ਨਾਲ ਜੁੜੀ ਹੋਈ ਸੀ। ਸਰਕਾਰੀ ਵਕੀਲਾਂ ਨੇ ਪਿਛਲੇ ਦੋਸ਼ਾਂ ਵਿੱਚ ਦਾਅਵਾ ਕੀਤਾ ਹੈ ਕਿ ਗੁਪਤਾ ਅਤੇ ਯਾਦਵ ਸਿਰਫ਼ ਨਿਊਯਾਰਕ ਦੀ ਸਾਜ਼ਿਸ਼ ਤੱਕ ਹੀ ਸੀਮਿਤ ਨਹੀਂ ਸਨ, ਸਗੋਂ ਹੋਰ ਸੰਭਾਵੀ ਕਤਲਾਂ ਬਾਰੇ ਵੀ ਚਰਚਾ ਕੀਤੀ ਸੀ। ਤਾਜ਼ਾ ਦਸਤਾਵੇਜ਼ ਕਹਿੰਦਾ ਹੈ ਕਿ ਘੱਟੋ-ਘੱਟ ਇੱਕ ਹੋਰ ਨਿਸ਼ਾਨਾ ਕੈਲੀਫੋਰਨੀਆ ਵਿੱਚ ਸੀ ਅਤੇ ਦੂਜਾ ਭਾਰਤੀ ਉਪ ਮਹਾਂਦੀਪ ਵਿੱਚ। ਜੱਜ ਨੂੰ ਲਿਖੇ ਸਰਕਾਰੀ ਵਕੀਲ ਦੇ ਪੱਤਰ ਦੇ ਅਨੁਸਾਰ, ਮਈ 2023 ਤੋਂ, ਜਦੋਂ ਯਾਦਵ ਨੇ ਗੁਪਤਾ ਨੂੰ 'ਮੇਰਾ ਨਾਮ ਅਮਨ ਲਿਖ ਲਵੋ' ਲਈ ਕਿਹਾ, ਯਾਦਵ ਨੇ ਗੁਪਤਾ ਨੂੰ ਵਟਸਐਪ ਰਾਹੀਂ ਦੱਸਿਆ ਕਿ ਕਈ 'ਨਿਸ਼ਾਨਾ' ਸਨ, ਜਿਨ੍ਹਾਂ ਵਿੱਚ ਇੱਕ ਨਿਊਯਾਰਕ ਵਿੱਚ, ਇੱਕ ਕੈਲੀਫੋਰਨੀਆ ਵਿੱਚ, ਅਤੇ ਘੱਟੋ ਘੱਟ ਇੱਕ ਨੇਪਾਲ ਜਾਂ ਪਾਕਿਸਤਾਨ ਵਿੱਚ, ਪਤਿਆਂ ਦਾ ਜ਼ਿਕਰ ਹੈ। ਨੇਪਾਲ ਨਾਲ ਜੁੜੀ ਗੱਲਬਾਤ ਦੌਰਾਨ, ਯਾਦਵ ਨੇ ਗੁਪਤਾ ਨੂੰ ਨਿਸ਼ਾਨੇ ਦਾ ਸਥਾਨ ਦਿੱਤਾ ਤਾਂ ਜੋ ਉਹ ਇਸਨੂੰ ਕੰਟਰੈਕਟ ਕਿਲਰਾਂ ਤੱਕ ਪਹੁੰਚਾ ਸਕੇ। ਗੁਪਤਾ ਨੇ ਉਨ੍ਹਾਂ ਨੂੰ "ਸਿਪਾਹੀ" ਕਿਹਾ। 8 ਮਈ ਨੂੰ, ਗੁਪਤਾ ਨੇ ਯਾਦਵ ਨੂੰ ਲਿਖਿਆ, "ਲੋਕ ਨੇਪਾਲ ਪਹੁੰਚ ਗਏ ਹਨ ਅਤੇ ਨਿਸ਼ਾਨੇ ਦੀ ਭਾਲ ਕਰ ਰਹੇ ਹਨ।" ਯਾਦਵ ਨੇ ਗੁਪਤਾ 'ਤੇ ਦਬਾਅ ਪਾਇਆ ਕਿ ਉਹ ਉਸਨੂੰ ਹੋਰ ਪੈਸੇ ਦੇਵੇ, ਇਹ ਕਹਿੰਦੇ ਹੋਏ ਕਿ ਇਹ ਕੰਮ "ਜ਼ਰੂਰੀ" ਹੈ। ਇੱਕ ਸੁਨੇਹੇ ਵਿੱਚ, ਯਾਦਵ ਨੇ ਹਦਾਇਤ ਕੀਤੀ: "ਜੇਕਰ ਉਨ੍ਹਾਂ ਨੇ ਸੱਚਮੁੱਚ ਨਿਸ਼ਾਨਾ ਲੱਭ ਲਿਆ ਹੈ. ਤਾਂ ਉਸਨੂੰ ਮਾਰ ਦਿਓ। ਨਹੀਂ ਤਾਂ, ਸਾਨੂੰ ਹੋਰ ਮੌਕਾ ਨਹੀਂ ਮਿਲੇਗਾ।"

ਸਰਕਾਰੀ ਵਕੀਲਾਂ ਨੇ ਦਲੀਲ ਦਿੱਤੀ ਕਿ ਯਾਦਵ ਅਤੇ ਗੁਪਤਾ ਦੀ ਨੇਪਾਲ ਟਾਸਕ ਸੰਬੰਧੀ ਗੱਲਬਾਤ 'ਨਿਊਯਾਰਕ ਟਾਸਕ ਸੰਬੰਧੀ ਗੱਲਬਾਤ ਨਾਲ ਬਹੁਤ ਮਿਲਦੀ-ਜੁਲਦੀ ਸੀ,' ਅਤੇ ਨੇਪਾਲ ਸਾਜ਼ਿਸ਼ ਨੂੰ ਪੰਨੂ ਯੋਜਨਾ ਨਾਲ 'ਬਹੁਤ ਜ਼ਿਆਦਾ ਸਮਾਨਤਾਵਾਂ' ਦੱਸਿਆ।ਦਸਤਾਵੇਜ਼ ਵਿੱਚ ਗੁਪਤਾ ਦੇ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ ਦੇ ਲੰਬੇ ਇਤਿਹਾਸ ਦਾ ਹੋਰ ਵੇਰਵਾ ਦਿੱਤਾ ਗਿਆ ਹੈ। ਸਰਕਾਰੀ ਵਕੀਲਾਂ ਦਾ ਦੋਸ਼ ਹੈ ਕਿ ਉਸਨੇ ਪਹਿਲੀ ਵਾਰ 2013 ਵਿੱਚ ਇੱਕ ਗੁਪਤ ਸਰਕਾਰੀ ਸਰੋਤ ਨਾਲ ਹੈਰੋਇਨ ਅਤੇ ਹਥਿਆਰਾਂ ਬਾਰੇ ਚਰਚਾ ਕੀਤੀ ਸੀ। ਇਸ ਵਿੱਚ ਅੱਗੇ ਕਿਹਾ ਗਿਆ ਹੈ ਕਿ 2017 ਵਿੱਚ, ਗੁਪਤਾ ਨੇ ਸੀਐਸ ਨੂੰ ਕਿਊਬਾ ਵਿੱਚ £25,000 ਇਕੱਠੇ ਕਰਨ ਲਈ ਇੱਕ ਕੋਰੀਅਰ ਦਾ ਪ੍ਰਬੰਧ ਕਰਨ ਲਈ ਕਿਹਾ, ਇਹ ਕਹਿੰਦੇ ਹੋਏ ਕਿ ਉਹ ਪਹਿਲਾਂ ਉੱਥੇ ਸੀ ਅਤੇ ਬਿਨਾਂ ਐਲਾਨ ਕੀਤੇ £10,000 ਬਾਹਰ ਲਿਆਇਆ ਸੀ।ਉਸਨੇ ਬਾਅਦ ਵਿੱਚ ਦਾਅਵਾ ਕੀਤਾ ਕਿ ਉਸਦਾ "ਮੁੱਖ ਕਾਰੋਬਾਰ" ਮਨੀ ਲਾਂਡਰਿੰਗ ਸੀ।ਉਸਨੇ ਮਾਣ ਨਾਲ ਕਿਹਾ ਕਿ ਉਸਨੇ ਕਿਊਬਾ ਤੋਂ ਲਾਸ ਏਂਜਲਸ ਵਿੱਚ £20 ਮਿਲੀਅਨ ਆਪਣੇ ਪੈਰਾਂ 'ਤੇ ਟੇਪ ਕੀਤੇ ਕ੍ਰੈਡਿਟ ਕਾਰਡਾਂ ਨਾਲ ਪਹੁੰਚਾਏ ਸਨ, ਅਤੇ ਇਕਵਾਡੋਰ ਤੋਂ ਪਨਾਮਾ ਵਿੱਚ £50 ਮਿਲੀਅਨ ਭੇਜੇ ਸਨ। ਹੋਰ ਸੁਨੇਹਿਆਂ ਵਿੱਚ, ਉਸਨੇ ਰੋਮਾਨੀਆ ਵਿੱਚ £30,000-40,000 ਦੀ ਅਦਾਇਗੀ ਦਾ ਪ੍ਰਬੰਧ ਕਰਨ ਵਿੱਚ ਮਦਦ ਮੰਗੀ।ਅਕਤੂਬਰ 2023 ਵਿੱਚ ਜਾਰੀ ਕੀਤੇ ਗਏ ਇੱਕ ਸਰਚ ਵਾਰੰਟ ਦੇ ਜਵਾਬ ਵਿੱਚ ਗੂਗਲ ਵੱਲੋਂ ਇੱਕ ਮਹੱਤਵਪੂਰਨ ਖੁਲਾਸਾ ਹੋਇਆ। ਵਾਰੰਟ ਵਿੱਚ ਦੋ ਜੀਮੇਲ ਖਾਤਿਆਂ - onlybutt095@gmail.com ਅਤੇ vikas0yadav@gmail.com ਲਈ ਗਾਹਕਾਂ ਦੇ ਰਿਕਾਰਡ, ਪਹੁੰਚ ਲੌਗ, ਰਿਕਵਰੀ ਸੰਪਰਕ ਅਤੇ ਸੇਵਾ ਵਰਤੋਂ ਦੇ ਵੇਰਵੇ ਪ੍ਰਾਪਤ ਕੀਤੇ ਗਏ ਸਨ ।ਇਹ ਰਿਕਾਰਡ ਦਰਸਾਉਂਦੇ ਹਨ ਕਿ ਦੋਵਾਂ ਖਾਤਿਆਂ ਵਿੱਚ ਲੌਗਇਨ ਕਰਨ ਲਈ ਇੱਕੋ ਭਾਰਤੀ ਆਈਪੀ ਐਡਰੈੱਸ ਦੀ ਵਰਤੋਂ ਕੀਤੀ ਗਈ ਸੀ। ਪਹਿਲਾ ਖਾਤਾ ਗੁਪਤਾ ਨਾਲ ਵਟਸਐਪ ਚੈਟਾਂ ਵਿੱਚ ਵਰਤੇ ਗਏ ਫੋਨ ਨੰਬਰ ਨਾਲ 'ਅਮਾਨਤ' ਨਾਮ ਨਾਲ ਜੁੜਿਆ ਹੋਇਆ ਸੀ, ਜਦੋਂ ਕਿ ਦੂਜਾ ਖਾਤਾ ਯਾਦਵ ਦੇ ਨਾਮ 'ਤੇ ਸਬਸਕ੍ਰਾਈਬ ਕੀਤਾ ਗਿਆ ਸੀ। ਸਰਕਾਰੀ ਵਕੀਲਾਂ ਦੇ ਅਨੁਸਾਰ, ਇਨ੍ਹਾਂ ਖਾਤਿਆਂ ਦੀ ਸਮੱਗਰੀ ਵਿੱਚ ਯਾਦਵ ਦੀ ਪਛਾਣ ਨਾਲ ਜੁੜੀ ਸਮੱਗਰੀ ਵੀ ਸ਼ਾਮਲ ਸੀ। 2016 ਦੀ ਈਮੇਲ ਵਿੱਚ ਵਰਦੀ ਵਿੱਚ ਇੱਕ ਆਦਮੀ ਦੀਆਂ ਤਸਵੀਰਾਂ ਸਨ ਜਿਨ੍ਹਾਂ ਦੇ ਨਾਮ 'ਤੇ 'ਵਿਕਾਸ ਯਾਦਵ' ਲਿਖਿਆ ਹੋਇਆ ਸੀ। ਇੱਕ ਹੋਰ ਤਸਵੀਰ ਵਿੱਚ, ਉਹ ਆਦਮੀ ਜਹਾਜ਼ ਦੇ ਸਾਹਮਣੇ ਖੜ੍ਹਾ ਸੀ, ਜਿਸ ਉੱਤੇ 'ਇੰਡੀਅਨ' ਸ਼ਬਦ ਸਾਫ਼ ਦਿਖਾਈ ਦੇ ਰਿਹਾ ਸੀ। ਇੱਕ ਹੋਰ ਈਮੇਲ ਵਿੱਚ, 'ਵਿਕਾਸ ਯਾਦਵ' ਦੇ ਨਾਮ ਦਾ ਪਾਸਪੋਰਟ ਸਕੈਨ ਨੱਥੀ ਕੀਤਾ ਗਿਆ ਸੀ। 2012 ਦੇ ਇੱਕ ਸੁਨੇਹੇ ਵਿੱਚ ਇੱਕ ਭਰਤੀ ਸਰਕੂਲਰ ਸੀ ਜਿਸ ਵਿੱਚ ਰਿਸਰਚ ਐਂਡ ਐਨਾਲਿਸਿਸ ਵਿੰਗ ਵਿੱਚ ਸਿੱਧੇ ਦਾਖਲੇ ਲਈ ਸਹਾਇਕ ਕਮਾਂਡੈਂਟਾਂ ਤੋਂ ਅਰਜ਼ੀਆਂ ਮੰਗੀਆਂ ਗਈਆਂ ਸਨ, ਜਿਸ ਵਿੱਚ ਇਸ ਅਹੁਦੇ ਨੂੰ ਕੈਬਨਿਟ ਸਕੱਤਰੇਤ ਦਾ ਹਿੱਸਾ ਦੱਸਿਆ ਗਿਆ ਸੀ।ਅਮਰੀਕੀ ਸਰਕਾਰ ਨੇ ਜੂਨ 2023 ਦਾ ਚੈੱਕ ਪੁਲਿਸ ਰਿਕਾਰਡ ਵੀ ਸੌਂਪਿਆ ਹੈ। ਇਸ ਰਿਕਾਰਡ ਵਿੱਚ ਗੁਪਤਾ ਤੋਂ ਦੋ ਆਈਫੋਨ ਅਤੇ ਇੱਕ ਸੈਮਸੰਗ ਫੋਨ ਬਰਾਮਦ ਕੀਤਾ ਗਿਆ ਹੈ ਜਦੋਂ ਉਸਨੂੰ ਪ੍ਰਾਗ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ, ਜੋ ਚੈੱਕ ਪੁਲਿਸ ਨੇ ਅਮਰੀਕੀ ਸਰਕਾਰ ਨੂੰ ਸੌਂਪ ਦਿੱਤਾ ਸੀ। ਵਕੀਲਾਂ ਦਾ ਤਰਕ ਹੈ ਕਿ ਕਿਉਂਕਿ ਗੁਪਤਾ ਨੇ ਇਸ ਰਿਕਾਰਡ 'ਤੇ ਦਸਤਖਤ ਕੀਤੇ ਸਨ, ਇਸ ਲਈ ਇਸਨੂੰ "ਗੋਦ ਲੈਣ ਵਾਲਾ ਇਕਬਾਲ" ਮੰਨਿਆ ਜਾਣਾ ਚਾਹੀਦਾ ਹੈ ਅਤੇ ਮੁਕੱਦਮੇ ਦੌਰਾਨ ਉਸਦੇ ਵਿਰੁੱਧ ਵਰਤਿਆ ਜਾ ਸਕਦਾ ਹੈ। ਵੱਖਰੇ ਤੌਰ 'ਤੇ, ਸਰਕਾਰੀ ਵਕੀਲਾਂ ਨੇ ਕਿਹਾ ਕਿ ਮਾਰਚ 2023 ਵਿੱਚ 'onlybutt095' ਖਾਤੇ ਤੋਂ 'ਫੋਟੋ ਫਾਰਮ ਅਮਾਨਤ' ਸਿਰਲੇਖ ਵਾਲੀ ਇੱਕ ਈਮੇਲ ਵਿੱਚ ਇੱਕ ਕ੍ਰੈਡਿਟ ਕਾਰਡ ਅਤੇ ਇੱਕ ਵੈੱਬਸਾਈਟ ਦੀਆਂ ਫੋਟੋਆਂ ਨੱਥੀ ਕੀਤੀਆਂ ਗਈਆਂ ਸਨ। ਉਨ੍ਹਾਂ ਦਾ ਦਾਅਵਾ ਹੈ ਕਿ ਇਹ ਈਮੇਲ ਗੁਪਤਾ ਦੇ ਉਪਨਾਮ, 'ਅਮਾਨਤ' ਨੂੰ ਖਾਤੇ ਨਾਲ ਜੋੜਨ ਵਿੱਚ ਮਦਦ ਕਰਦੀ ਹੈ। ਗੁਪਤਾ ਦੇ ਵਕੀਲਾਂ ਨੇ ਉਨ੍ਹਾਂ ਵੱਲੋਂ ਇੱਕ ਅਰਜ਼ੀ ਦਾਇਰ ਕੀਤੀ ਹੈ, ਜਿਸ ਵਿੱਚ ਜੱਜ ਨੂੰ ਇਸ ਸਮੱਗਰੀ ਦੇ ਇੱਕ ਮਹੱਤਵਪੂਰਨ ਹਿੱਸੇ ਨੂੰ ਮੁਕੱਦਮੇ ਵਿੱਚੋਂ ਬਾਹਰ ਰੱਖਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਦਾ ਤਰਕ ਹੈ ਕਿ ਟੈਕਸ ਰਿਟਰਨ, ਕੈਬਨਿਟ ਸਕੱਤਰੇਤ ਦੇ ਤਨਖਾਹ ਸਟੱਬ, ਅਤੇ ਰਾਅ ਭਰਤੀ ਨੋਟਿਸਾਂ ਦਾ ਗੁਪਤਾ ਦੀ ਕਤਲ ਦੀ ਸਾਜ਼ਿਸ਼ ਵਿੱਚ ਸ਼ਮੂਲੀਅਤ ਨਾਲ ਕੋਈ ਸਬੰਧ ਨਹੀਂ ਹੈ ਅਤੇ ਇਹ ਜਿਊਰੀ ਲਈ ਇੱਕ ਗਲਤ ਪ੍ਰਭਾਵ ਪੈਦਾ ਕਰ ਸਕਦਾ ਹੈ ਕਿ ਸਿੱਧੇ ਸਬੂਤਾਂ ਦੀ ਘਾਟ ਦੇ ਬਾਵਜੂਦ, ਯੋਜਨਾ ਦੇ ਪਿੱਛੇ ਭਾਰਤੀ ਖੁਫੀਆ ਏਜੰਸੀ ਸੀ।

**3 ਨਵੰਬਰ ਨੂੰ ਅਮਰੀਕੀ ਅਦਾਲਤ ਅੰਦਰ ਗੁਪਤਾ ਦਾ ਮੁਕੱਦਮਾ ਸ਼ੁਰੂ ਹੋਣ ਵਾਲਾ ਹੈ**

ਬਚਾਅ ਪੱਖ ਨੇ ਯੂਕੇ-ਅਧਾਰਤ ਅਕਾਦਮਿਕ ਨਿਤਾਸ਼ਾ ਕੌਲ ਨੂੰ ਭਾਰਤੀ ਰਾਜਨੀਤੀ ਅਤੇ ਖੁਫੀਆ ਮਾਮਲਿਆਂ 'ਤੇ ਮਾਹਰ ਗਵਾਹ ਵਜੋਂ ਬੁਲਾਉਣ ਦੀ ਸਰਕਾਰ ਦੀ ਯੋਜਨਾ ਦਾ ਵੀ ਵਿਰੋਧ ਕੀਤਾ ਹੈ। ਉਹ ਦਲੀਲ ਦਿੰਦੇ ਹਨ ਕਿ ਉਸਦੀ ਗਵਾਹੀ ਸੁਤੰਤਰ ਮੁਹਾਰਤ ਨਹੀਂ ਹੈ, ਸਗੋਂ ਰਾਜਨੀਤਿਕ ਟਿੱਪਣੀ ਹੈ। ਇਸ ਤੋਂ ਇਲਾਵਾ, ਉਨ੍ਹਾਂ ਨੇ ਕਤਲ ਕੀਤੇ ਗਏ ਕੈਨੇਡੀਅਨ ਸਿੱਖ ਨੇਤਾ ਹਰਦੀਪ ਸਿੰਘ ਨਿੱਝਰ ਦੇ ਵੀਡੀਓ ਦੇ ਪ੍ਰਸਤਾਵਿਤ ਪ੍ਰਦਰਸ਼ਨ 'ਤੇ ਇਤਰਾਜ਼ ਕੀਤਾ, ਇਹ ਦਲੀਲ ਦਿੱਤੀ ਕਿ ਇਹ ਗੁਪਤਾ ਦੀਆਂ ਕਾਰਵਾਈਆਂ ਨਾਲ ਕੋਈ ਸਬੰਧ ਨਾ ਹੋਣ ਦੇ ਬਾਵਜੂਦ, ਜਿਊਰੀ ਨੂੰ ਭਾਵਨਾਤਮਕ ਤੌਰ 'ਤੇ ਪ੍ਰਭਾਵਿਤ ਕਰੇਗਾ। ਇਸ ਤੋਂ ਇਲਾਵਾ, ਗੁਪਤਾ ਦੇ ਵਕੀਲਾਂ ਨੇ ਚੈੱਕ ਫੋਨ ਹੈਂਡਓਵਰ ਰਿਕਾਰਡਾਂ ਦੀ ਅਦਾਲਤੀ ਪ੍ਰਵਾਨਗੀ 'ਤੇ ਸਵਾਲ ਉਠਾਉਂਦੇ ਹੋਏ ਕਿਹਾ ਕਿ ਅਮਰੀਕੀ ਅਧਿਕਾਰੀਆਂ ਨੇ ਪ੍ਰਾਗ ਨਾਲ ਆਪਸੀ ਕਾਨੂੰਨੀ ਸਹਾਇਤਾ ਸੰਧੀ ਦੇ ਤਹਿਤ ਸਹੀ ਪ੍ਰਕਿਰਿਆਵਾਂ ਦੀ ਪਾਲਣਾ ਨਹੀਂ ਕੀਤੀ। ਪਿਛਲੀਆਂ ਸੁਣਵਾਈਆਂ ਵਿੱਚ ਗੁਪਤਾ ਦੇ ਬਚਾਅ ਪੱਖ ਨੂੰ ਕਈ ਝਟਕੇ ਲੱਗੇ ਹਨ। 17 ਸਤੰਬਰ ਨੂੰ, ਜੱਜ ਵਿਕਟਰ ਮਾਰੇਰੋ ਨੇ ਫੈਸਲਾ ਸੁਣਾਇਆ ਕਿ ਅਮਰੀਕੀ ਵਕੀਲ ਵਰਗੀਕ੍ਰਿਤ ਜਾਣਕਾਰੀ ਪ੍ਰਕਿਰਿਆ ਐਕਟ ਦੇ ਤਹਿਤ ਕੁਝ ਵਰਗੀਕ੍ਰਿਤ ਦਸਤਾਵੇਜ਼ਾਂ ਨੂੰ ਦਬਾ ਸਕਦੇ ਹਨ। ਜੱਜ ਨੇ ਸਰਕਾਰ ਦੀ ਇਸ ਦਲੀਲ ਨੂੰ ਸਵੀਕਾਰ ਕਰ ਲਿਆ ਕਿ ਖੁਲਾਸਾ ਰਾਸ਼ਟਰੀ ਸੁਰੱਖਿਆ ਲਈ ਖਤਰਾ ਪੈਦਾ ਕਰ ਸਕਦਾ ਹੈ ਅਤੇ ਨੋਟ ਕੀਤਾ ਕਿ ਗੁਪਤਾ ਕੋਲ ਪਹਿਲਾਂ ਹੀ ਅਜਿਹੀ ਗੈਰ-ਵਰਗੀਕ੍ਰਿਤ ਜਾਣਕਾਰੀ ਤੱਕ ਪਹੁੰਚ ਸੀ। 26 ਅਗਸਤ ਨੂੰ, ਉਸੇ ਜੱਜ ਨੇ ਗੁਪਤਾ ਦੀ ਪ੍ਰਾਗ ਵਿੱਚ ਉਸਦੀ ਗ੍ਰਿਫਤਾਰੀ ਨਾਲ ਸਬੰਧਤ ਯੂਐਸ ਡਰੱਗ ਇਨਫੋਰਸਮੈਂਟ ਐਡਮਿਨਿਸਟ੍ਰੇਸ਼ਨ (ਡੀਈਏ) ਅਤੇ ਚੈੱਕ ਪੁਲਿਸ ਵਿਚਕਾਰ ਸੰਚਾਰ ਪ੍ਰਾਪਤ ਕਰਨ ਦੀ ਪਟੀਸ਼ਨ ਨੂੰ ਰੱਦ ਕਰ ਦਿੱਤਾ। ਬਚਾਅ ਪੱਖ ਦੇ ਵਕੀਲਾਂ ਨੇ ਦਲੀਲ ਦਿੱਤੀ ਸੀ ਕਿ ਯੂਰਪ ਵਿੱਚ ਡੀਈਏ ਅਟੈਚੀਆਂ ਗ੍ਰਿਫਤਾਰੀ ਵਿੱਚ ਸਰਗਰਮ ਭਾਗੀਦਾਰ ਸਨ, ਪਰ ਅਦਾਲਤ ਨੇ ਪਾਇਆ ਕਿ ਉਨ੍ਹਾਂ ਨੇ ਸਿਰਫ ਲੌਜਿਸਟਿਕਲ ਸਹਾਇਤਾ ਪ੍ਰਦਾਨ ਕੀਤੀ ਸੀ ਅਤੇ ਕੋਈ ਵੀ ਅਜਿਹਾ ਕੰਮ ਨਹੀਂ ਕੀਤਾ ਸੀ ਜਿਸ ਨਾਲ ਰਿਕਾਰਡ ਬਣਦੇ। ਇਸ ਸਾਲ ਦੇ ਸ਼ੁਰੂ ਵਿੱਚ, ਗੁਪਤਾ ਦੇ ਵਕੀਲਾਂ ਨੇ ਮਨੀ ਲਾਂਡਰਿੰਗ ਦੇ ਦੋਸ਼ ਨੂੰ ਖਾਰਜ ਕਰਨ ਦੀ ਕੋਸ਼ਿਸ਼ ਕੀਤੀ ਜੋ ਇੱਕ ਸੁਪਰਸੀਡਿੰਗ ਦੋਸ਼ ਵਿੱਚ ਜੋੜਿਆ ਗਿਆ ਸੀ। ਉਨ੍ਹਾਂ ਨੇ ਦਲੀਲ ਦਿੱਤੀ ਕਿ ਜਦੋਂ ਉਸਨੂੰ ਪ੍ਰਾਗ ਤੋਂ ਹਵਾਲਗੀ ਕੀਤੀ ਗਈ ਸੀ ਤਾਂ ਦੋਸ਼ ਨੂੰ ਮਨਜ਼ੂਰੀ ਨਹੀਂ ਦਿੱਤੀ ਗਈ ਸੀ। ਅਦਾਲਤ ਨੇ ਦੋਸ਼ ਨੂੰ ਕਾਇਮ ਰੱਖਣ ਦੀ ਇਜਾਜ਼ਤ ਦੇ ਦਿੱਤੀ। ਬਚਾਅ ਪੱਖ ਨੇ ਗੁਪਤਾ ਦੇ ਫੋਨ ਤੋਂ ਪ੍ਰਾਪਤ ਸਬੂਤਾਂ ਦੇ ਦਾਖਲੇ ਨੂੰ ਵੀ ਚੁਣੌਤੀ ਦਿੱਤੀ, ਇਹ ਦਲੀਲ ਦਿੱਤੀ ਕਿ ਅਮਰੀਕੀ ਅਤੇ ਚੈੱਕ ਅਧਿਕਾਰੀਆਂ ਨੇ ਮਿਲ ਕੇ ਕੰਮ ਕੀਤਾ ਪਰ ਗੁਪਤਾ ਨੂੰ ਉਸਦੇ ਅਧਿਕਾਰਾਂ ਬਾਰੇ ਸਹੀ ਢੰਗ ਨਾਲ ਸੂਚਿਤ ਕਰਨ ਵਿੱਚ ਅਸਫਲ ਰਹੇ। ਜੱਜ ਨੇ ਇਸ ਦਲੀਲ ਨੂੰ ਰੱਦ ਕਰ ਦਿੱਤਾ। ●●

# ਬੇਅਦਬੀਆਂ ਦੀਆਂ ਵੱਧ ਰਹੀਆਂ ਘਟਨਾਵਾਂ ਚਿੰਤਾਜਨਕ, ਕੇਂਦਰ ਅਤੇ ਰਾਜ ਸਰਕਾਰ ਤੁਰੰਤ ਕਰਣ ਸਖ਼ਤ ਕਾਰਵਾਈ: ਬੀਬੀ ਰਣਜੀਤ ਕੌਰ

**ਨਵੀਂ ਦਿੱਲੀ 25 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਗੁਰਦੁਆਰਾ ਕਮੇਟੀ ਦੇ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਜੋ ਕਿ ਇਸ ਸਮੇਂ ਕੈਨੇਡਾ ਦੌਰੇ ਤੇ ਹਨ ਨੇ ਫੋਨ ਰਾਹੀਂ ਕੀਤੀ ਗੱਲਬਾਤ ਦੌਰਾਨ ਕਿਹਾ ਕਿ ਇਕ ਨਵੀਂ ਵੀਡੀਓ ਦੇਖਣ ਨੂੰ ਮਿਲ਼ ਰਹੀ ਹੈ ਜਿਸ ਵਿਚ ਸਿੱਖ ਪੰਥ ਦੇ ਵੱਖ ਵੱਖ ਗੁਟਕਾ ਸਾਹਿਬ ਨੂੰ ਇਕੱਠਾ ਕਰਕੇ ਉਨ੍ਹਾਂ ਉਪਰ ਕੌਈ ਜੁੱਤੀ ਨਾਲ ਵਾਰ ਕਰਕੇ ਸਿੱਖ ਪੰਥ ਦੀ ਭਾਵਨਾਵਾਂ ਨੂੰ ਵਡੀ ਠੇਸ ਪਹੁੰਚਾ ਰਿਹਾ ਹੈ ਤੇ ਮੀਡੀਆ ਰਾਹੀਂ ਮਿਲ਼ ਰਹੀਆਂ ਬਹੁਤੀਆਂ ਖਬਰਾਂ ਜਿਸ ਵਿਚ ਏ ਆਈ ਦੀ ਦੁਰਵਰਤੋਂ ਕਰਕੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੀ ਬੇਹੁਰਮਤੀ ਕਰਣ ਦੀਆਂ ਕੋਝੀਆਂ ਚਾਲਾਂ ਨੂੰ ਦੇਖ/ਪੜ ਕੇ ਹਿਰਦੇ ਵਲੂੰਧਰੇ ਜਾਂਦੇ ਹਨ ਤੇ ਇੰਨ੍ਹਾ ਸ਼ਰਾਰਤੀ ਲੋਕਾਂ ਉਪਰ ਕਿਸੇ ਕਿਸਮ ਦੀ ਕੌਈ ਕਾਰਵਾਈ ਨਾ ਹੋਣਾ, ਸਿੱਖ ਪੰਥ ਲਈ ਇਕ ਵਡੀ ਗੰਭੀਰ ਚੁਣੌਤੀ ਹੈ ।ਇਸ ਤੋਂ ਪਹਿਲਾਂ ਵੀਂ ਦਰਬਾਰ ਸਾਹਿਬ ਪਰਿਕ੍ਰਮਾਂ ਵਿਚ ਮੋਟੂ ਪਤਲੁ ਦੇ ਕਾਰਟੂਨ, ਸ੍ਰੀ ਦਰਬਾਰ ਸਾਹਿਬ ਜੀ ਦੀ ਪਰਿਕ੍ਰਮਾਂ ਵਿਚ ਨੰਗੇ ਸਿਰ ਦੀਆਂ ਕੁੜੀਆਂ ਨੂੰ ਦਿਖਾਣਾ, ਕਦੇ ਸਿਰ ਤੇ ਪੱਗ ਬੰਨੀ ਕੁੜੀਆਂ ਦੇ ਕੰਨਾਂ ਵਿਚ ਵਾਲੀਆਂ, ਕਦੇ ਬਾਬੇ ਨਾਨਕ ਨੂੰ ਖੇਤੀ ਕਰਦਿਆਂ ਦਿਖਾਣਾ, ਕਦੇ ਪੰਚਮ ਪਾਤਸ਼ਾਹ ਨੂੰ ਤਤੀ ਤਵੀ ਤੇ ਨੱਚਦੇ ਦਿਖਾਣਾ, ਕਦੇ ਮਹਾਰਾਜਾ ਰਣਜੀਤ ਸਿੰਘ ਨੂੰ ਦਰਬਾਰ ਸਾਹਿਬ ਵਿਚ ਨੱਚਦੇ ਦਿਖਾਇਆ ਗਿਆ ਸੀ ਤੇ ਸਿੱਖਾਂ ਵਲੋਂ ਕੀਤੀ ਗਈ ਸ਼ਿਕਾਇਤਾਂ ਉਪਰ ਕੌਈ ਕਾਰਵਾਈ ਨਾ ਹੋਣ ਕਰਕੇ ਸ਼ਰਾਰਤੀ ਲੋਕਾਂ ਦੇ ਹੌਸਲੇ ਵੱਧ ਗਏ ਸਨ ।ਉਨ੍ਹਾਂ ਗੰਭੀਰ ਹੁੰਦਿਆਂ ਕਿਹਾ ਕਿ ਇਹ ਸਭ ਇਕ ਗਿਣੀ ਮਿੱਠੀ ਚਾਲ ਨਾਲ ਸਿੱਖ ਪੰਥ ਨੂੰ ਬਦਨਾਮ ਕਰਣ ਲਈ ਇਕ ਅਣਡਿੱਥੇ ਜੁੱਧ ਦਾ ਐਲਾਨ ਕੀਤਾ ਹੋਇਆ ਲਗ ਰਿਹਾ ਹੈ ਜਿਸ ਨੂੰ ਨੱਥ ਪਾਣ ਵਿਚ ਦੇਸ਼ ਦਾ ਪੁਲਿਸ ਵਿਭਾਗ ਨਾਕਾਮਯਾਬ ਹੋ ਰਿਹਾ ਹੈ ਜਾਂ ਓਹ ਇੰਨ੍ਹਾ ਸ਼ਰਾਰਤੀ ਅਨਸਰਾਂ ਵਿਰੁੱਧ ਕੁਝ ਕਰਣਾ ਹੀ ਨਹੀਂ ਚਾਹੁੰਦੇ ਹਨ ।ਅਸੀਂ ਕੇਂਦਰ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਇੰਨ੍ਹਾ ਸ਼ਰਾਰਤੀ ਅਨਸਰਾਂ ਦੀ ਭਾਲ ਕਰ ਕੇ ਇੰਨ੍ਹਾ ਵਿਰੁੱਧ ਸਖ਼ਤ ਕਾਰਵਾਈ ਕਰਣ ਦਾ ਉਪਰਾਲਾ ਕੀਤਾ ਜਾਏ ਜਿਸ ਨਾਲ ਦੇਸ਼ ਦਾ ਮਾਹੌਲ ਖਰਾਬ ਨਾ ਹੋ ਸਕੇ ਅਤੇ ਸਮੂਹ ਭਾਈਚਾਰਿਆ ਅੰਦਰ ਸਦਭਾਵਨਾ ਦਾ ਮਾਹੌਲ ਬਣਿਆ ਰਹਿ ਸਕੇ ।



## AI ਦੀ ਦੁਰਵਰਤੋ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਹੋਈ ਬੇਅਦਬੀ ਸਹਿਣਯੋਗ ਨਹੀਂ , ਸਰਕਾਰ ਤੁਰੰਤ ਕਾਰਵਾਈ ਕਰੇ - ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ

(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਏ ਆਈ (ਆਰਟੀਫੀਸ਼ੀਅਲ ਇੰਟੈਲੀਜੈਂਸ) ਰਾਹੀਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਲਗਾਤਾਰ ਬਣਾਈਆਂ ਜਾ ਰਹੀਆਂ ਇਤਰਾਜ਼ਯੋਗ ਵੀਡੀਓ ਜੋ ਬਿਲਕੁਲ ਵੀ ਸਹਿਣਯੋਗ ਨਹੀਂ ਇਸ ਨਾਲ ਮੁੜ ਸਿੱਖ ਭਾਵਨਾਵਾਂ ਨੂੰ ਗਹਿਰੀ ਚੋਟ ਪਹੁੰਚਾਈ ਜਾ ਰਹੀ ਹੈ। ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਬੇਅਦਬੀ ਨੂੰ ਗੰਭੀਰ ਮਾਮਲਾ ਦੱਸਦਿਆਂ ਕਿਹਾ ਕਿ ਪੰਜਾਬ ਸਰਕਾਰ ਤੇ ਭਾਰਤ ਸਰਕਾਰ ਨੂੰ ਇਸ ਵਰਤਾਰੇ ਨੂੰ ਰੋਕਣ ਲਈ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖਾਂ ਦਾ ਕੇਂਦਰੀ ਧਾਰਮਿਕ ਅਸਥਾਨ ਹੈ, ਜਿਸ ਦੇ ਚਾਰ ਦਰਵਾਜ਼ੇ ਸਮੁੱਚੀ ਮਾਨਵਤਾ ਨੂੰ ਸਰਬ-ਸਾਂਝੀਵਾਲਤਾ ਦਾ ਉਪਦੇਸ਼ ਤੇ ਸਿਧਾਂਤ ਦਿੰਦੇ ਹਨ। ਉਨ੍ਹਾਂ ਕਿਹਾ ਕਿ ਖ਼ਾਸਕਰ ਏਆਈ ਦੀ ਦੁਰਵਰਤੋਂ ਕਰਦਿਆਂ ਸ਼ਰਾਰਤੀ ਅਨਸਰਾਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅੰਦਰਲੇ ਪ੍ਰਬੰਧ ਬਾਰੇ ਨਕਲੀ ਤੇ ਇਤਰਾਜ਼ਯੋਗ ਵੀਡੀਓ ਬਣਾ ਕੇ ਲਗਾਤਾਰ ਸਿੱਖ ਭਾਵਨਾਵਾਂ ਨੂੰ ਗਹਿਰੀ ਠੇਸ ਮਾਰੀ ਜਾ ਰਹੀ ਹੈ। ਸਰਕਾਰਾਂ ਨੂੰ ਅਜਿਹੇ ਸ਼ਰਾਰਤੀ ਲੋਕਾਂ ਦੀ ਨਿਸ਼ਾਨਦੇਹੀ ਕਰਨੀ ਚਾਹੀਦੀ ਹੈ ਤੇ ਉਨ੍ਹਾਂ ਦੀ ਪਛਾਣ ਕਰਕੇ ਬਣਦੀ ਸਜ਼ਾ ਦੇਣੀ ਚਾਹੀਦੀ ਹੈ। ਜਥੇਦਾਰ ਬਾਬਾ ਨਛੱਤਰ ਸਿੰਘ ਜੀ ਨੇ ਸਮੂਹ ਸਿੱਖ ਸੰਗਤ ਨੂੰ ਵਿਸ਼ੇਸ਼ ਅਪੀਲ ਕੀਤੀ ਕਿ ਜਦੋਂ ਕੋਈ ਸ਼ਰਾਰਤੀ ਅਨਸਰ ਇਤਰਾਜ਼ਯੋਗ ਵੀਡੀਓ ਅਪਲੋਡ ਕਰਦਾ ਹੈ ਤਾਂ ਉਸ ਦੇ ਸਕ੍ਰੀਨਸ਼ਾਟ ਜਾਂ ਵੀਡੀਓ ਨੂੰ ਅਗਾਂਹ ਸੇਅਰ ਨਾ ਕੀਤਾ ਜਾਵੇ ਤੇ ਨਾ ਹੀ ਆਪਣੇ ਨਿੱਜੀ ਸੋਸ਼ਲ ਮੀਡੀਆ ਖਾਤਿਆਂ ਉੱਤੇ ਪਾਇਆ ਜਾਵੇ।



## ਏਆਈ ਦੀ ਦੁਰਵਰਤੋਂ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਗ਼ਲਤ ਵੀਡੀਓ ਬਣਾਏ ਜਾਣ ਤੇ ਸਰਕਾਰ ਸਖਤ ਨੋਟਿਸ ਲਵੇ-ਚੇਅਰਮੈਨ ਵਾਰੀਆ


ਆਰਟੀਫੀਸ਼ਲ ਇੰਟੈਲੀਜੈਂਸ (ਏਆਈ) ਤਕਨੀਕ ਦੀ ਦੁਰਵਰਤੋਂ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਗ਼ਲਤ ਵੀਡੀਓ ਬਣਾਏ ਜਾਣ ਦਾ ਨੋਟਿਸ ਲੈਂਦਿਆਂ ਏਕ ਨੂਰ ਸਵੈ ਸੇਵੀ ਸੰਸਥਾ ਦੇ ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਵਾਰੀਆ ਨੇ ਇਸ ਨੂੰ ਸਿੱਖ ਭਾਵਨਾਵਾਂ ਨਾਲ ਖਿਲਵਾੜ ਕਰਾਰ ਦਿੰਦਿਆਂ ਅਜਿਹੇ ਵਰਤਾਰੇ 'ਤੇ ਸਰਕਾਰਾਂ ਤੋਂ ਤੁਰੰਤ ਰੋਕ ਦੀ ਮੰਗ ਕੀਤੀ ਹੈ। ਵਾਰੀਆ ਜੀ ਨੇ ਕਿਹਾ ਕਿ ਏਆਈ ਤਕਨੀਕ ਨਾਲ ਤਿਆਰ ਅਜਿਹੀਆਂ ਵੀਡੀਓ ਨਾ ਸਿਰਫ਼ ਸਿੱਖੀ ਦੇ ਮੁੱਢਲੇ ਸਿਧਾਂਤਾਂ ਦਾ ਉਲੰਘਣ ਹੈ, ਸਗੋਂ ਵਿਸ਼ਵ ਪੱਧਰੀ ਧਾਰਮਿਕ ਸੰਵੇਦਨਸ਼ੀਲਤਾ ਨੂੰ ਵੀ ਠੇਸ ਪਹੁੰਚਾਉਣ ਵਾਲੀ ਹਰਕਤ ਹੈ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਸਿੱਖ ਕੌਮ ਦਾ ਕੇਂਦਰੀ ਅਸਥਾਨ ਹੈ, ਜਿਥੋਂ ਸਮੁੱਚੀ ਮਨੁੱਖਤਾ ਨੂੰ ਸਰਬਸਾਂਝੀਵਾਲਤਾ ਦਾ ਉਪਦੇਸ਼ ਮਿਲਦਾ ਹੈ ਪ੍ਰੰਤੂ ਕੁਝ ਲੋਕਾਂ ਦੀ ਗਲਤ ਪਹੁੰਚ ਸੰਗਤਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰਦੀ ਹੈ।




ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਵਾਰੀਆ ਨੇ ਅੱਗੇ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਏਆਈ ਤਕਨੀਕ ਦੀ ਦੁਰਵਰਤੋਂ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਦੇ ਸਾਈਬਰ ਕਰਾਈਮ ਸੈੱਲ ਦੀ ਜ਼ੁੰਮੇਵਾਰੀ ਬਣਦੀ ਹੈ ਕਿ ਉਹ ਅਜਿਹੇ ਮਾਮਲਿਆਂ 'ਤੇ ਰੋਕ ਲਗਾਉਣ ਲਈ ਠੋਸ ਯਤਨ ਕਰੇ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਏਆਈ ਪਲੇਟਫਾਰਮਾਂ 'ਤੇ ਗੁਰਬਾਣੀ, ਸਿੱਖ ਇਤਿਹਾਸ ਅਤੇ ਗੁਰਮਤਿ ਦੀ ਗਲਤ ਜਾਣਕਾਰੀ ਦੇਣ ਦੇ ਮਾਮਲਿਆਂ ਨੂੰ ਲੈ ਕੇ ਜਿਥੇ ਵੱਖ-ਵੱਖ ਪਲੇਟਫਾਰਮਾਂ ਤੱਕ ਪਹੁੰਚ ਕਰ ਚੁੱਕੀ ਹੈ ਅਤੇ ਬਹੁਤ ਸਾਰੀਆਂ ਵੀਡੀਓ ਰਿਪੋਰਟ ਕਰਕੇ ਹਟਾਈਆਂ ਵੀ ਗਈਆਂ ਹਨ। ਉਹਨਾਂ ਅੱਗੇ ਕਿਹਾ ਕਿ ਇਹ ਬੇਹੱਦ ਸੰਜੀਦਾ ਮਾਮਲਾ ਹੈ। ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੀਆਂ ਅਜਿਹੀਆਂ ਕਾਰਵਾਈਆਂ 'ਤੇ ਰੋਕ ਲਈ ਜਾਵੇ ਅਤੇ ਭਾਰਤ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਇਸ ਸੰਜੀਦਾ ਮਸਲੇ ਸਬੰਧੀ ਗੰਭੀਰਤਾ ਦਿਖਾਉਂਦਿਆਂ ਜ਼ਰੂਰੀ ਕਦਮ ਚੁੱਕਣ ਅਤੇ ਠੋਸ ਨੀਤੀ ਬਣਾ ਕੇ ਇਸ ਚਲਣ ਨੂੰ ਰੋਕਿਆ ਜਾਵੇ। ਚੇਅਰਮੈਨ ਇੰਦਰਜੀਤ ਸਿੰਘ ਵਾਰੀਆ ਨੇ ਚਿੰਤਾ ਪ੍ਰਗਟਾਈ ਕਿ ਕੁਝ ਲੋਕਾਂ ਵੱਲੋਂ ਇਹ ਦੱਸਣ ਵਾਸਤੇ ਕਿ ਇਹ ਗਲਤ ਹੋ ਰਿਹਾ ਹੈ, ਅਜਿਹੀਆਂ ਵੀਡੀਓ ਨੂੰ ਆਪਣੇ ਪੇਜਾਂ 'ਤੇ ਪਾ ਕੇ ਪ੍ਰਚਾਰਿਆ ਜਾ ਰਿਹਾ ਹੈ, ਜੋ ਹੋਰ ਵੀ ਦੁਖਦਾਈ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਅਜਿਹੀਆਂ ਵੀਡੀਓ ਨੂੰ ਪ੍ਰਚਾਰਨ ਦੀ ਥਾਂ ਇਸ 'ਤੇ ਰੋਕ ਲਗਾਉਣ ਲਈ ਰਿਪੋਰਟ ਕੀਤੀ ਜਾਵੇ।

**-ਵਿਸ਼ੇਸ਼ ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

## ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

## ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

## 1 ਨਵੰਬਰ 2025 ਦਿਨ ਸ਼ਨੀਵਾਰ ਨੂੰ

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV